ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 23 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੯ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕਤਰ ਦੇ ਗੈਸ ਪਲਾਂਟ ਵਿੱਚ ਹੋਇਆ ਜ਼ਬਰਦਸਤ ਧਮਾਕਾ; 54 ਜ਼ਖਮੀ, 18 ਤੋਂ ਵੱਧ ਲਾਪਤਾ

**ਕਤਰ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਕਤਰ ਦੇ ਪ੍ਰਮੁੱਖ ਰਾਸ ਲਾਫਾਨ ਉਦਯੋਗਿਕ ਜ਼ੋਨ ਵਿੱਚ ਸਥਿਤ ਬਰਜ਼ਾਨ ਗੈਸ ਸਪਲਾਈ ਪਲਾਂਟ ਵਿੱਚ ਇੱਕ ਵੱਡਾ ਧਮਾਕਾ ਹੋਇਆ ਜਿਸ ਤੋਂ ਬਾਅਦ ਅੱਗ ਲੱਗ ਗਈ। ਇਸ ਘਟਨਾ ਵਿੱਚ ਘੱਟੋ-ਘੱਟ 54 ਲੋਕ ਜ਼ਖਮੀ ਹੋ ਗਏ, ਜਦੋਂ ਕਿ 18 ਹੋਰ ਲਾਪਤਾ ਹਨ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਕਾਮੇ ਈਰਾਨੀ ਬੰਬਾਰੀ ਅਤੇ ਹੋਰਮੁਜ਼ ਜਲਡਮਰੂ ਦੀ ਨਾਕਾਬੰਦੀ ਕਾਰਨ ਬੰਦ ਹੋਣ ਤੋਂ ਬਾਅਦ ਟਰਮੀਨਲ 'ਤੇ ਕੰਮ ਮੁੜ ਸ਼ੁਰੂ ਕਰਨ ਦੀ ਕੋਸ਼ਿਸ਼ ਕਰ ਰਹੇ ਸਨ। ਇਸ ਪ੍ਰਕਿਰਿਆ ਦੌਰਾਨ ਹੀ ਧਮਾਕਾ ਅਤੇ ਬਾਅਦ ਵਿੱਚ ਅੱਗ ਲੱਗ ਗਈ। ਦੁਨੀਆ ਦੇ ਪ੍ਰਮੁੱਖ ਕੁਦਰਤੀ ਗੈਸ ਉਤਪਾਦਕਾਂ ਵਿੱਚੋਂ ਇੱਕ ਕਤਰ ਦੇ ਇੱਕ ਪ੍ਰਮੁੱਖ ਨਿਰਯਾਤ ਕੇਂਦਰ ਵਿੱਚ ਇਹ ਘਟਨਾ ਵਿਸ਼ਵ ਊਰਜਾ ਬਾਜ਼ਾਰਾਂ ਵਿੱਚ ਉਥਲ-ਪੁਥਲ ਪੈਦਾ ਕਰ ਸਕਦੀ ਹੈ। ਕਤਰ ਨੇ ਪਹਿਲਾਂ ਉਤਪਾਦਨ ਰੋਕ ਦਿੱਤਾ ਸੀ ਕਿਉਂਕਿ ਉਹ ਈਰਾਨ ਦੁਆਰਾ ਹੋਰਮੁਜ਼ ਜਲਡਮਰੂ 'ਤੇ ਲਗਾਈ ਗਈ ਨਾਕਾਬੰਦੀ ਕਾਰਨ ਆਪਣੇ ਗਾਹਕਾਂ ਨੂੰ ਗੈਸ ਸਪਲਾਈ ਕਰਨ ਵਿੱਚ ਅਸਮਰੱਥ ਸੀ। ਈਰਾਨ ਵੱਲੋਂ ਹੋਰਮੁਜ਼ ਜਲਡਮਰੂ 'ਤੇ ਨਾਕਾਬੰਦੀ ਨੂੰ ਢਿੱਲ ਦੇਣ ਤੋਂ ਬਾਅਦ ਕਤਰ ਨੇ ਆਪਣੇ ਨਿਰਯਾਤ ਟਰਮੀਨਲ ਨੂੰ ਮੁੜ ਸ਼ੁਰੂ ਕਰਨ ਦੀਆਂ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ ਹਨ, ਜਿਸ ਦਾ ਉਦੇਸ਼ ਸੰਘਰਸ਼ ਨੂੰ ਸਥਾਈ ਤੌਰ 'ਤੇ ਖਤਮ ਕਰਨਾ ਹੈ। ਸਰਕਾਰੀ ਕੰਪਨੀ ਕਤਰ ਊਰਜਾ ਨੇ ਰਿਪੋਰਟ ਦਿੱਤੀ ਕਿ ਇਨ੍ਹਾਂ ਕਾਰਵਾਈਆਂ ਦੌਰਾਨ ਐਤਵਾਰ ਰਾਤ ਨੂੰ ਬਰਜ਼ਾਨ ਪਲਾਂਟ ਵਿੱਚ ਧਮਾਕਾ ਅਤੇ ਅੱਗ ਲੱਗੀ, ਜਿਸ ਦੇ ਨਤੀਜੇ ਵਜੋਂ 54 ਲੋਕ ਜ਼ਖਮੀ ਹੋ ਗਏ ਅਤੇ 18 ਲੋਕ ਲਾਪਤਾ ਹੋ ਗਏ।

# ਕੀਰ ਸਟਾਰਮਰ ਨੇ ਬ੍ਰਿਟਿਸ਼ ਪ੍ਰਧਾਨ ਮੰਤਰੀ ਦੇ ਅਹੁਦੇ ਤੋਂ ਦਿੱਤਾ ਅਸਤੀਫ਼ਾ

**ਲੰਡਨ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਅਸਤੀਫਾ ਦੇ ਦਿੱਤਾ ਹੈ। ਹਾਲਾਂਕਿ ਉਹ ਅਗਲੇ ਪ੍ਰਧਾਨ ਮੰਤਰੀ ਦੀ ਚੋਣ ਹੋਣ ਤੱਕ ਇਸ ਅਹੁਦੇ 'ਤੇ ਰਹਿਣਗੇ। ਰਾਸ਼ਟਰ ਨੂੰ ਆਪਣੇ ਸੰਬੋਧਨ ਵਿੱਚ, ਉਨ੍ਹਾਂ ਨੇ ਲੋਕਾਂ ਨੂੰ ਦੱਸਿਆ ਕਿ ਉਨ੍ਹਾਂ ਨੇ ਇਸ ਮਾਮਲੇ ਬਾਰੇ ਰਾਜਾ ਚਾਰਲਸ ਤੀਜੇ ਨਾਲ ਗੱਲ ਕੀਤੀ ਹੈ। ਇਸ ਨਾਲ ਬ੍ਰਿਟੇਨ ਵਿੱਚ ਰਾਜਨੀਤਿਕ ਅਸਥਿਰਤਾ ਹੋਰ ਵੀ ਡੂੰਘੀ ਹੋ ਜਾਂਦੀ ਹੈ। ਕੀਰ ਸਟਾਰਮਰ ਪਿਛਲੇ 10 ਸਾਲਾਂ ਵਿੱਚ ਅਹੁਦਾ ਛੱਡਣ ਵਾਲੇ ਛੇਵੇਂ ਪ੍ਰਧਾਨ ਮੰਤਰੀ ਹਨ। ਹਾਲ ਹੀ ਦੇ ਦਿਨਾਂ ਵਿੱਚ ਕੀਰ ਸਟਾਰਮਰ 'ਤੇ ਲੇਬਰ ਪਾਰਟੀ ਦੇ ਨੇਤਾ ਵਜੋਂ ਅਸਤੀਫਾ ਦੇਣ ਦਾ ਦਬਾਅ ਵਧ ਰਿਹਾ ਸੀ ਤਾਂ ਜੋ ਐਂਡੀ ਬਰਨਹੈਮ ਨਵੇਂ ਬ੍ਰਿਟਿਸ਼ ਪ੍ਰਧਾਨ ਮੰਤਰੀ ਬਣ ਸਕਣ। ਪਿਛਲੇ ਹਫ਼ਤੇ, ਐਂਡੀ ਬਰਨਹੈਮ ਨੇ ਉੱਤਰੀ ਇੰਗਲੈਂਡ ਵਿੱਚ ਮੇਕਰਫੀਲਡ ਉਪ-ਚੋਣ ਵਿੱਚ ਇੱਕ ਸੱਜੇ-ਪੱਖੀ ਵਿਰੋਧੀ ਨੂੰ ਹਰਾ ਕੇ ਭਾਰੀ ਜਿੱਤ ਪ੍ਰਾਪਤ ਕੀਤੀ। ਇਸ ਜਿੱਤ ਨੇ ਪ੍ਰਧਾਨ ਮੰਤਰੀ ਅਹੁਦੇ ਲਈ ਉਨ੍ਹਾਂ ਦੇ ਦਾਅਵੇ ਨੂੰ



ਹੋਰ ਮਜ਼ਬੂਤ ਕੀਤਾ। ਉਨ੍ਹਾਂ ਨੂੰ ਹੁਣ ਸੱਤਾਧਾਰੀ ਲੇਬਰ ਪਾਰਟੀ ਦਾ ਅਗਲਾ ਨੇਤਾ ਅਤੇ ਬ੍ਰਿਟੇਨ ਦਾ ਨਵਾਂ ਪ੍ਰਧਾਨ ਮੰਤਰੀ ਮੰਨਿਆ ਜਾ ਰਿਹਾ ਹੈ। ਇਸ ਤੋਂ ਇਲਾਵਾ, ਟੈਕਸਾਂ ਅਤੇ ਸਮਾਜਿਕ ਲਾਭਾਂ ਸੰਬੰਧੀ ਸਰਕਾਰ ਦੇ ਕੁਝ ਫੈਸਲਿਆਂ ਅਤੇ ਬਾਅਦ ਵਿੱਚ ਯੂ-ਟਰਨ ਨੇ ਵੀ ਇਸਦੀ ਛਵੀ ਨੂੰ ਨੁਕਸਾਨ ਪਹੁੰਚਾਇਆ ਹੈ। ਇਸ ਦੌਰਾਨ, ਐਂਡੀ ਬਰਨਹੈਮ, ਇੱਕ ਸਾਬਕਾ ਕੈਬਨਿਟ ਮੰਤਰੀ, ਨੇ ਬਾਅਦ ਵਿੱਚ ਆਪਣੇ ਆਪ ਨੂੰ ਗ੍ਰੇਟਰ ਮੈਨਚੈਸਟਰ ਦੇ ਮੇਅਰ ਵਜੋਂ ਵੱਖਰਾ ਕੀਤਾ। ਉਪ-ਚੋਣ ਜਿੱਤਣ ਤੋਂ ਬਾਅਦ, ਉਸਨੇ ਜਿੱਤ ਨੂੰ ਲੇਬਰ ਪਾਰਟੀ ਦਾ "ਬਦਲਾਅ ਦਾ ਆਖਰੀ ਮੌਕਾ" ਐਲਾਨ ਕੀਤਾ। ਉਸਨੇ "ਬ੍ਰਿਟੇਨ ਲਈ ਇੱਕ ਨਵਾਂ ਰਸਤਾ ਪ੍ਰਦਾਨ ਕਰਨ" ਦਾ ਵਾਅਦਾ ਕੀਤਾ। ਕਾਬਿਲੇਗੌਰ ਹੈ ਕਿ ਕੀਰ ਸਟਾਰਮਰ ਨੇ ਜੁਲਾਈ 2024 ਦੀਆਂ ਆਮ ਚੋਣਾਂ ਵਿੱਚ 174 ਸੀਟਾਂ ਦੇ ਵੱਡੇ ਬਹੁਮਤ ਨਾਲ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਹਾਲਾਂਕਿ, ਪ੍ਰਧਾਨ ਮੰਤਰੀ ਵਜੋਂ ਉਨ੍ਹਾਂ ਦਾ ਕਾਰਜਕਾਲ ਪਿਛਲੇ ਕੁਝ ਮਹੀਨਿਆਂ ਵਿੱਚ ਕਈ ਵਿਵਾਦਾਂ ਨਾਲ ਘਿਰਿਆ ਰਿਹਾ ਹੈ, ਜਿਸ ਵਿੱਚ ਲੇਬਰ ਪਾਰਟੀ ਦੇ ਸੀਨੀਅਰ ਨੇਤਾ ਪੀਟਰ ਮੈਂਡੇਲਸਨ ਨੂੰ ਸੰਯੁਕਤ ਰਾਜ ਵਿੱਚ ਬ੍ਰਿਟਿਸ਼ ਰਾਜਦੂਤ ਵਜੋਂ ਨਿਯੁਕਤ ਕਰਨਾ ਸ਼ਾਮਲ ਹੈ, ਭਾਵੇਂ ਕਿ ਦੋਸ਼ੀ ਠਹਿਰਾਏ ਗਏ ਸੈਕਸ ਅਪਰਾਧੀ ਜੈਫਰੀ ਐਪਸਟਾਈਨ ਨਾਲ ਉਨ੍ਹਾਂ ਦੇ ਸਬੰਧਾਂ ਬਾਰੇ ਪਹਿਲਾਂ ਤੋਂ ਜਾਣਕਾਰੀ ਸੀ।

## ਸਟਾਰਮਰ ਦੇ ਅਸਤੀਫ਼ੇ ਮਗਰੋਂ ਕੌਣ ਸੰਭਾਲੇਗਾ ਬ੍ਰਿਟੇਨ ਦੀ ਕਮਾਨ ?

ਬ੍ਰਿਟੇਨ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਵੱਲੋਂ ਆਪਣੀ ਹੀ ਲੇਬਰ ਪਾਰਟੀ ਦੇ ਭਾਰੀ ਦਬਾਅ ਕਾਰਨ ਅਸਤੀਫ਼ਾ ਦੇਣ ਦੇ ਐਲਾਨ ਮਗਰੋਂ, ਹੁਣ ਸਭ ਦੀਆਂ ਨਜ਼ਰਾਂ ਇਸ ਫ਼ੈਸਲੇ 'ਤੇ ਟਿਕੀਆਂ ਹਨ ਕਿ ਸਟਾਰਮਰ ਤੋਂ ਬਾਅਦ ਦੇਸ਼ ਦਾ ਅਗਲਾ ਪ੍ਰਧਾਨ ਮੰਤਰੀ ਕੌਣ ਹੋਵੇਗਾ। ਇਸ ਮਾਮਲੇ 'ਚ ਉਮੀਦਵਾਰਾਂ ਦੀ ਲਿਸਟ ਤਾਂ ਲੰਬੀ ਹੈ, ਪਰ ਸਭ ਤੋਂ ਉੱਪਰ ਐਂਡੀ ਬਰਨਹਮ ਦਾ ਨਾਂ ਆਉਂਦਾ ਹੈ, ਜਿਨ੍ਹਾਂ ਨੂੰ ਬ੍ਰਿਟਿਸ਼ ਰਾਜਨੀਤੀ 'ਚ ਅਕਸਰ 'ਕਿੰਗ ਆਫ਼ ਦਿ ਨੌਰਥ' ਕਿਹਾ ਜਾਂਦਾ ਹੈ। 56 ਸਾਲਾ ਐਂਡੀ ਬਰਨਹਮ ਸਾਲ 2017 ਤੋਂ ਲਗਾਤਾਰ ਤਿੰਨ ਵਾਰ (2017, 2021 ਅਤੇ 2024) ਗ੍ਰੇਟਰ ਮੈਨਚੈਸਟਰ ਦੇ ਮੇਅਰ ਚੁਣੇ ਗਏ ਹਨ। ਮੇਅਰ ਵਜੋਂ ਉਨ੍ਹਾਂ ਦੇ ਕੰਮਾਂ, ਜਨਤਾ ਨਾਲ ਸਿੱਧੇ ਰਾਬਤੇ ਅਤੇ ਪ੍ਰਸ਼ਾਸਨਿਕ ਮੁਹਾਰਤ ਕਾਰਨ ਉਹ ਇਸ ਵੇਲੇ ਲੇਬਰ ਪਾਰਟੀ ਦੇ ਸਭ ਤੋਂ ਪਸੰਦੀਦਾ ਨੇਤਾ ਵਜੋਂ ਉੱਭਰੇ ਹਨ। ਐਂਡੀ ਬਰਨਹਮ ਕਾਫ਼ੀ ਸਮੇਂ ਤੋਂ ਸੰਸਦ 'ਚ ਵਾਪਸੀ ਕਰ ਕੇ ਲੀਡਰਸ਼ਿਪ ਸੰਭਾਲਣਾ ਚਾਹੁੰਦੇ ਸਨ। ਹਾਲਾਂਕਿ, ਇਸੇ ਸਾਲ ਦੀ ਸ਼ੁਰੂਆਤ ਵਿੱਚ ਪਾਰਟੀ ਦੀ ਇੱਕ ਕਮੇਟੀ ਅਤੇ ਖੁਦ ਕੀਰ ਸਟਾਰਮਰ ਨੇ ਉਨ੍ਹਾਂ ਨੂੰ ਉਪ-ਚੋਣ ਲੜਨ ਤੋਂ ਰੋਕ ਦਿੱਤਾ ਸੀ, ਜਿਸ ਨੂੰ ਬਾਅਦ ਵਿੱਚ ਇੱਕ 'ਗਲਤੀ' ਮੰਨਿਆ ਗਿਆ। ਪਰ ਹਾਲ ਹੀ 'ਚ ਹੋਈ ਮੇਕਰਫੀਲਡ ਉਪ-ਚੋਣ 'ਚ ਪਾਰਟੀ ਨੇ ਉਨ੍ਹਾਂ ਨੂੰ ਹਰੀ ਝੰਡੀ ਦਿੱਤੀ, ਜਿੱਥੇ ਬਰਨਹਮ ਨੇ ਨਾਈਜਲ ਫ਼ਰਾਜ ਦੀ 'ਰਿਫਾਰਮ ਯੂ.ਕੇ.' ਪਾਰਟੀ ਨੂੰ ਬੁਰੀ ਤਰ੍ਹਾਂ ਹਰਾ ਕੇ ਇੱਕ ਵੱਡੀ ਅਤੇ ਇਤਿਹਾਸਕ ਜਿੱਤ ਦਰਜ ਕੀਤੀ। ਇਸ ਜਿੱਤ ਨੇ ਸਿੱਧਾ ਉਨ੍ਹਾਂ ਲਈ ਪੀ.ਐੱਮ. ਦੇ ਅਹੁਦੇ ਦਾ ਦਾਅਵਾ ਮਜ਼ਬੂਤ ਕਰ ਦਿੱਤਾ। ਤਾਜ਼ਾ ਰਿਪੋਰਟਾਂ ਮੁਤਾਬਕ, ਬ੍ਰਿਟੇਨ ਦੀ ਜਨਤਾ ਕੀਰ ਸਟਾਰਮਰ ਦੇ ਮੁਕਾਬਲੇ ਐਂਡੀ ਬਰਨਹਮ ਨੂੰ ਬਹੁਤ ਜ਼ਿਆਦਾ ਪਸੰਦ ਕਰਦੀ ਹੈ। ਲੋਕ ਉਨ੍ਹਾਂ ਨੂੰ ਆਮ ਲੋਕਾਂ ਦੇ ਦੁੱਖ-ਦਰਦ ਸਮਝਣ ਵਾਲਾ, ਮਿਲਣਸਾਰ, ਇਮਾਨਦਾਰ ਅਤੇ ਇੱਕ ਮਜ਼ਬੂਤ ਲੀਡਰ ਮੰਨਦੇ ਹਨ। ਬਰਨਹਮ ਦੀ ਸਭ ਤੋਂ ਵੱਡੀ ਖ਼ਾਸੀਅਤ ਇਹ ਹੈ ਕਿ ਉਹ ਕਿਸੇ ਇੱਕ ਸਿਆਸੀ ਵਿਚਾਰਧਾਰਾ ਨਾਲ ਨਹੀਂ ਬੱਝੇ ਹੋਏ। ਉਨ੍ਹਾਂ ਦੀ ਇਸੇ ਲਚਕਤਾ ਕਾਰਨ ਲੇਬਰ ਪਾਰਟੀ ਦੇ ਅਲੱਗ-ਅਲੱਗ ਧੜੇ ਉਨ੍ਹਾਂ ਨੂੰ ਆਪਣਾ ਨੇਤਾ ਮੰਨਣ ਲਈ ਤਿਆਰ ਹਨ। ਉਨ੍ਹਾਂ ਨੇ 'ਮੈਨਚੈਸਟਰਿਜ਼ਮ' ਦਾ ਨਾਅਰਾ ਦਿੱਤਾ ਹੈ, ਜਿਸ ਤਹਿਤ ਉਹ ਦੇਸ਼ ਦੇ ਸਾਰੇ ਖੇਤਰਾਂ ਨੂੰ ਵੱਧ ਅਧਿਕਾਰ ਦੇ ਕੇ ਦੇਸ਼ ਦਾ ਆਰਥਿਕ ਵਿਕਾਸ ਕਰਨਾ ਚਾਹੁੰਦੇ ਹਨ।

## ਗੁਰਦਾਸਪੁਰ 'ਚ ਮੰਡਰਾਇਆ ਹੜ੍ਹ ਦਾ ਖਤਰਾ ! ਸਠਿਆਲੀ ਹੈੱਡਵਰਕਸ ਨੇੜੇ ਨਹਿਰ 'ਚ ਪਿਆ ਵੱਡਾ ਪਾੜ



**ਗੁਰਦਾਸਪੁਰ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ਨਹਿਰਾਂ ਨੂੰ ਪੱਕਾ ਕਰਨ ਅਤੇ ਸਿੰਚਾਈ ਪ੍ਰਬੰਧ ਮਜ਼ਬੂਤ ਬਣਾਉਣ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਦੂਜੇ ਪਾਸੇ ਜ਼ਿਲ੍ਹਾ ਗੁਰਦਾਸਪੁਰ ਦੇ ਸਠਿਆਲੀ ਹੈੱਡ ਵਰਕਸ ਤੋਂ ਕੁਝ ਹੀ ਦੂਰੀ 'ਤੇ ਅੱਪਰ ਬਾਰੀ ਦੁਆਬ ਨਹਿਰ ਵਿੱਚ ਕਰੀਬ 40 ਫੁੱਟ ਤੋਂ ਵੱਧ ਦਾ ਵੱਡਾ ਪਾੜ ਪੈ ਗਿਆ। ਇਸ ਕਾਰਨ ਨੇੜਲੇ ਘਰਾਂ, ਖੇਤਾਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਪਾਣੀ ਫੈਲ ਗਿਆ, ਜਿਸ ਨਾਲ ਭਾਰੀ ਨੁਕਸਾਨ ਹੋਇਆ ਹੈ। ਬ੍ਰੇਕਿੰਗ ਨਿਊਜ਼ ਸੇਵਾ ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਨਹਿਰ ਰਾਤ ਸਮੇਂ ਟੁੱਟੀ ਸੀ। ਨਹਿਰੀ ਵਿਸ਼ਰਾਮ ਘਰ ਵਿੱਚ ਰਹਿੰਦੀ ਪ੍ਰਵਾਸੀ ਮਜ਼ਦੂਰ ਲੇਬਰ ਅਨੁਸਾਰ ਰਾਤ ਕਰੀਬ 3 ਵਜੇ ਉਨ੍ਹਾਂ ਦੇ ਕਮਰਿਆਂ ਵਿੱਚ ਅਚਾਨਕ ਪਾਣੀ ਦਾਖਲ ਹੋਇਆ, ਜਿਸ ਤੋਂ ਬਾਅਦ ਪਤਾ ਲੱਗਾ ਕਿ ਨਹਿਰ ਟੁੱਟ ਚੁੱਕੀ ਹੈ। ਪਾਣੀ ਸ੍ਰੀ ਹਰਗੋਬਿੰਦਪੁਰ-ਗੁਰਦਾਸਪੁਰ ਮਾਰਗ ਨੂੰ ਪਾਰ ਕਰਦਾ ਹੋਇਆ ਨੇੜਲੇ ਘਰਾਂ ਅਤੇ ਖੇਤਾਂ ਵਿੱਚ ਜਾ ਵੜਿਆ। ਨਹਿਰ ਟੁੱਟਣ ਕਾਰਨ ਝੋਨੇ ਦੀ ਲੱਗੀ ਹੋਈ ਫ਼ਸਲ ਵੀ ਪਾਣੀ ਹੇਠ ਆ ਗਈ। ਇਲਾਕੇ ਵਿੱਚ ਲੋਕਾਂ ਦੀ ਭਾਰੀ ਭੀੜ ਇਕੱਠੀ ਹੋ ਗਈ, ਜਦਕਿ ਪ੍ਰਭਾਵਿਤ ਪਰਿਵਾਰਾਂ ਲਈ ਹਾਲਾਤ ਚਿੰਤਾਜਨਕ ਬਣੇ ਹੋਏ ਹਨ। ਪ੍ਰਭਾਵਿਤ ਵਸਨੀਕ ਤਰਸੇਮ ਸਿੰਘ, ਸੁਰਜੀਤ ਸਿੰਘ ਅਤੇ ਹੋਰਨਾਂ ਨੇ ਦੱਸਿਆ ਕਿ ਉਨ੍ਹਾਂ ਦੇ ਘਰਾਂ ਵਿੱਚ ਪਾਣੀ ਦਾਖਲ ਹੋਣ ਕਾਰਨ ਖਾਣ ਲਈ ਰੱਖੀ ਕਣਕ, ਘਰੇਲੂ ਸਾਮਾਨ ਅਤੇ ਹੋਰ ਕੀਮਤੀ ਵਸਤਾਂ ਡੁੱਬ ਗਈਆਂ ਹਨ। ਉਨ੍ਹਾਂ ਕਿਹਾ ਕਿ ਨੁਕਸਾਨ ਦਾ ਸਹੀ ਅੰਦਾਜ਼ਾ ਲਗਾਉਣਾ ਹਾਲੇ ਸੰਭਵ ਨਹੀਂ। ਇਸ ਸਬੰਧੀ ਜਦੋਂ ਮੌਕੇ 'ਤੇ ਮੌਜੂਦ ਨਹਿਰੀ ਵਿਭਾਗ ਦੇ ਅਧਿਕਾਰੀਆਂ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਨੇ ਤੁਰੰਤ ਕੋਈ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਦੂਜੇ ਪਾਸੇ ਇੱਕ ਨਿੱਜੀ ਠੇਕੇਦਾਰ ਦੀਆਂ ਭਾਰੀ ਪੋਕਲੇਨ ਮਸ਼ੀਨਾਂ ਦੀ ਮਦਦ ਨਾਲ ਪਾੜ ਨੂੰ ਬੰਦ ਕਰਨ ਦੇ ਯਤਨ ਜਾਰੀ ਹਨ। ਹਾਲਾਂਕਿ ਨਹਿਰ ਵਿੱਚ ਪਾਣੀ ਦਾ ਵਹਾਅ ਜਾਰੀ ਰਹਿਣ ਕਾਰਨ ਕੰਮ ਵਿੱਚ ਮੁਸ਼ਕਲਾਂ ਆ ਰਹੀਆਂ ਹਨ। ਇਲਾਕੇ ਦੇ ਕਿਸਾਨਾਂ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਲਗਾਇਆ ਗਿਆ ਝੋਨਾ ਪਾਣੀ ਹੇਠ ਆ ਗਿਆ ਹੈ ਅਤੇ ਫ਼ਸਲ ਦੇ ਬਚਣ ਦੀ ਸੰਭਾਵਨਾ ਬਹੁਤ ਘੱਟ ਹੈ। ਕਿਸਾਨਾਂ ਨੇ ਚਿੰਤਾ ਜ਼ਾਹਰ ਕੀਤੀ ਕਿ ਨਾ ਤਾਂ ਉਨ੍ਹਾਂ ਕੋਲ ਦੁਬਾਰਾ ਲਗਾਉਣ ਲਈ ਪਨੀਰੀ ਮੌਜੂਦ ਹੈ ਅਤੇ ਨਾ ਹੀ ਨੁਕਸਾਨ ਦੀ ਭਰਪਾਈ ਦਾ ਕੋਈ ਭਰੋਸਾ ਦਿੱਤਾ ਗਿਆ ਹੈ। ਪ੍ਰਭਾਵਿਤ ਲੋਕਾਂ ਅਤੇ ਕਿਸਾਨਾਂ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਨੁਕਸਾਨ ਦਾ ਤੁਰੰਤ ਮੁਲਾਂਕਣ ਕਰਕੇ ਯੋਗ ਮੁਆਵਜ਼ਾ ਦਿੱਤਾ ਜਾਵੇ ਅਤੇ ਨਹਿਰ ਦੀ ਮਜ਼ਬੂਤੀ ਲਈ ਪੱਕੇ ਪ੍ਰਬੰਧ ਕੀਤੇ ਜਾਣ।

## 'ਭਗਵੰਤ ਮਾਨ, ਗੁਰੂ ਦੋਖੀ ਤੇ ਖਾਲਸਾ ਪੰਥ ਵਿਰੋਧੀ ਹੈ', ਪੰਜਾਬ ਦੇ ਪਿੰਡਾਂ 'ਚ ਪੋਸਟਰਾਂ ਰਾਹੀਂ ਮੁੱਖ ਮੰਤਰੀ ਦਾ ਵਿਰੋਧ ਸ਼ੁਰੂ




**ਚੰਡੀਗੜ੍ਹ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕਥਿਤ ਵੀਡੀਓ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਸੁਣਾਏ ਗਏ ਹੁਕਮ ਨੂੰ ਲਾਗੂ ਕਰਾਉਣ ਲਈ ਪਿੰਡਾਂ ਦੇ ਗੁਰਦੁਆਰਾ ਸਾਹਿਬਾਨਾਂ ਵਿੱਚ ਪੋਸਟਰ ਲਗਾਏ ਜਾ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਵੱਲੋਂ ਪੋਸਟਰ ਜਾਰੀ ਕੀਤੇ ਗਏ ਹਨ। ਦੱਸ ਦਈਏ ਕਿ ਬਠਿੰਡਾ ਤੇ ਅੰਮ੍ਰਿਤਸਰ 'ਚ ਮੁੱਖ ਮੰਤਰੀ ਭਗਵੰਤ ਮਾਨ ਦੇ ਪੋਸਟਰ ਲਗਾਏ ਗਏ ਹਨ।

**ਕਿਉਂ ਕੀਤਾ ਜਾ ਰਿਹਾ ਵਿਰੋਧ ?**

ਬਠਿੰਡਾ ਦੇ ਵਿਧਾਨ ਸਭਾ ਹਲਕਾ ਮੌੜ ਦੇ ਵੱਖ ਵੱਖ ਪਿੰਡਾਂ ਦੇ ਗੁਰਦੁਆਰਾ ਸਾਹਿਬਾਨਾਂ ਵਿੱਚ ਮੁੱਖ ਮੰਤਰੀ ਦੇ ਖਿਲਾਫ ਬੋਰਡ ਲਗਾਏ ਗਏ ਸ਼੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਦੇ ਲਗਾਏ ਗਏ ਬੋਰਡਾਂ ਵਿੱਚ ਮੁੱਖ ਮੰਤਰੀ ਨੂੰ ਪੰਥਕ ਦੋਖੀ ਦੱਸਿਆ ਗਿਆ ਹੈ। ਵੀਡੀਓ ਸਬੰਧੀ ਕਰਵਾਈ ਗਈ ਜਾਂਚ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੇ ਸਵਾਲ ਚੁੱਕਦੇ ਹੋਏ ਕਿਹਾ ਕਿ ਉਸ ਸਬੰਧੀ ਵੀ ਜਲਦ ਖੁਲਾਸਾ ਹੋਵੇਗਾ ਕਿ ਜੋ ਮੁੱਖ ਮੰਤਰੀ ਵੱਲੋਂ ਆਪਣੀ ਵੀਡੀਓ ਦੀ ਜਾਂਚ ਕਰਵਾਈ ਗਈ ਹੈ ਉਹ ਪੈਸੇ ਦੇ ਕਰਵਾਈ ਗਈ ਹੈ ਅਤੇ ਝੂਠੀ ਰਿਪੋਰਟ ਤਿਆਰ ਕਰਵਾਈ ਗਈ ਹੈ। ਬੋਰਡ ਲਗਾਉਣ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਮੰਤਰੀ ਅਤੇ ਸੀਨੀਅਰ ਅਕਾਲੀ ਆਗੂ ਜਨਮੇਜਾ ਸਿੰਘ ਸੇਖੋਂ ਨੇ ਕਿਹਾ ਕਿ ਮੁੱਖ ਮੰਤਰੀ ਦੀ ਇਸ ਵੀਡੀਓ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਰੋਸ ਦੇਖਣ ਨੂੰ ਮਿਲ ਰਿਹਾ ਹੈ, ਜਿਹਦੇ ਚਲਦਿਆਂ ਸ਼੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਂਚ ਤੋਂ ਬਾਅਦ ਹੀ ਇਹ ਸੱਤ ਫੈਸਲਾ ਲਿਆ ਗਿਆ ਹੈ। ਇਸ ਕਾਰਨ ਸੰਗਤਾਂ ਵਿੱਚ ਵੀ ਭਾਰੀ ਰੋਸ ਮੁੱਖ ਮੰਤਰੀ ਪ੍ਰਤੀ ਦੇਖਣ ਨੂੰ ਮਿਲ ਰਿਹਾ ਹੈ ਜਿਸ ਕਰਕੇ ਮੁੱਖ ਮੰਤਰੀ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਤੇ ਪੁੱਜ ਕੇ ਇਸ ਦੀ ਮਾਫੀ ਮੰਗਣੀ ਚਾਹੀਦੀ ਹੈ। ਉਧਰੋਂ ਦੂਜੇ ਪਾਸੇ ਸੰਗਤਾਂ ਨੇ ਵੀ ਮੁੱਖ ਮੰਤਰੀ ਦੀ ਇਸ ਵੀਡੀਓ ਤੇ ਤਿੱਖੀ ਪ੍ਰਤੀ ਕਰਿਆ ਜਾਹਿਰ ਕੀਤੀ ਹੈ। ਦੱਸਣਾ ਬਣਦਾ ਹੈ ਕਿ ਅੱਜ ਵਿਧਾਨ ਸਭਾ ਹਲਕਾ ਮੌੜ ਦੇ ਅੱਧਾ ਦਰਜਨ ਪਿੰਡਾਂ ਦੇ ਗੁਰਦੁਆਰਾ ਸਾਹਿਬਾਨਾਂ ਵਿੱਚ ਬੋਰਡ ਲਗਾਏ ਗਏ, ਜਿਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਅਕਾਲੀ ਵਰਕਰ ਆਗੂ ਮੌਜੂਦ ਸਨ। ਉਧਰ, ਅੰਮ੍ਰਿਤਸਰ ਦੇ ਛੇਹਰਟਾ ਵਿੱਚ ਵੀ ਗੁਰਦੁਆਰਾ ਸਾਹਿਬ ਦੇ ਬਾਹਰ ਅਜਿਹੇ ਪੋਸਟਰ ਲਗਾ ਕੇ ਰੋਸ ਪ੍ਰਗਟਾਵਾ ਕੀਤਾ ਜਾ ਰਿਹਾ ਹੈ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਨੂੰ ਲਾਗੂ ਕਰਵਾਇਆ ਜਾ ਰਿਹਾ ਹੈ।

## ਸਰਕਾਰੀ ਤੰਤਰ ਰਾਹੀਂ ਸਿੱਖ ਚਿੰਤਕਾਂ ਤੇ ਨੌਜਵਾਨਾਂ ਦੀ ਆਵਾਜ਼ ਦਬਾਉਣ ਦੀਆਂ ਕੋਝੀਆਂ ਹਰਕਤਾਂ ਤੋਂ ਬਾਜ਼ ਆਵੇ ਪੰਜਾਬ ਸਰਕਾਰ: ਸਿੰਘ ਸਾਹਿਬ ਬਾਬਾ ਟੇਕ ਸਿੰਘ

**ਅੰਮ੍ਰਿਤਸਰ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਦੀਆਂ ਸਿਆਸੀ ਰੈਲੀਆਂ ਦੌਰਾਨ ਪੰਜਾਬ ਪੁਲਿਸ ਵੱਲੋਂ ਸਿੱਖ ਚਿੰਤਕਾਂ, ਬੁੱਧੀਜੀਵੀਆਂ ਅਤੇ ਕਾਰਕੁੰਨਾਂ ਨੂੰ ਗੈ਼ਰ-ਕਾਨੂੰਨੀ ਤਰੀਕੇ ਨਾਲ ਨਜ਼ਰਬੰਦ ਕਰਨ, ਤੰਗ-ਪ੍ਰੇਸ਼ਾਨ ਕਰਨ ਅਤੇ ਉਨ੍ਹਾਂ ਦੇ ਬੁਨਿਆਦੀ ਜਮਹੂਰੀ ਹੱਕਾਂ ਦਾ ਸ਼ਰੇਆਮ ਘਾਣ ਕਰਨ ਦੇ ਮਾਮਲੇ ਦਾ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ, ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਨੇ ਸਖਤ ਨੋਟਿਸ ਲੈਂਦਿਆਂ ਇਸ ਦੀ ਨਿਖੇਧੀ ਕੀਤੀ ਹੈ। ਸਿੰਘ ਸਾਹਿਬ ਨੇ ਮਾਨ ਸਰਕਾਰ ਦੇ ਇਸ ਵਤੀਰੇ ਨੂੰ "ਫ਼ਾਸ਼ੀਵਾਦੀ ਅਤੇ ਕਾਇਰਤਾਪੂਰਨ" ਕਰਾਰ ਦਿੱਤਾ ਹੈ। ਸਿੰਘ



ਸਾਹਿਬ ਬਾਬਾ ਟੇਕ ਸਿੰਘ ਜੀ ਨੇ ਕਿਹਾ ਕਿ ਜਦੋਂ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਰਵਉੱਚ ਸਿੱਖ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗੁਰੂ ਦੋਖੀ' ਅਤੇ 'ਖਾਲਸਾ ਪੰਥ ਵਿਰੋਧੀ' ਐਲਾਨਿਆ ਗਿਆ ਹੈ, ਤਦੋਂ ਤੋਂ ਹਕੂਮਤ ਦੇ ਅੰਦਰ ਸਿੱਖ ਕੌਮ ਦੇ ਸਵਾਲਾਂ ਦਾ ਸਾਹਮਣਾ ਕਰਨ ਦਾ ਖ਼ੌਫ਼ ਐਨਾ ਵਧ ਗਿਆ ਹੈ ਕਿ ਉਹ ਹੁਣ ਪੁਲਿਸ ਬਲਾਂ ਦੀ ਦੁਰਵਰਤੋਂ ਕਰਕੇ ਸਿੱਖਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਥੇਦਾਰ ਬਾਬਾ ਟੇਕ ਸਿੰਘ ਜੀ ਨੇ ਕਿਹਾ ਕਿ "ਸਰਕਾਰੀ ਨਸ਼ੇ ਵਿੱਚ ਚੂਰ ਹਕੂਮਤ ਇਹ ਭੁਲੇਖਾ ਤੁਰੰਤ ਕੱਢ ਦੇਵੇ ਕਿ ਸਿੱਖ ਚਿੰਤਕ, ਨੌਜਵਾਨ ਅਤੇ ਬੁੱਧੀਜੀਵੀ ਅੱਜ ਬੇਸਹਾਰਾ ਜਾਂ ਇਕੱਲੇ ਹਨ। ਸਮੁੱਚਾ ਪੰਥ ਅਤੇ ਤਖ਼ਤ ਸਾਹਿਬਾਨ ਇਨ੍ਹਾਂ ਜਾਗਰੂਕ ਅਵਾਜ਼ਾਂ ਦੇ ਨਾਲ ਚੱਟਾਨ ਵਾਂਗ ਖੜ੍ਹੇ ਹਨ। ਸਿਆਸੀ ਆਕਾਵਾਂ ਨੂੰ ਖ਼ੁਸ਼ ਕਰਨ ਲਈ ਕਾਨੂੰਨ ਦੀਆਂ ਧੱਜੀਆਂ ਉਡਾਉਣ ਵਾਲੇ ਅਤੇ ਸਰਕਾਰ ਦੇ 'ਹੱਥ-ਠੋਕੇ' ਬਣੇ ਪੁਲਿਸ ਅਧਿਕਾਰੀਆਂ ਨੂੰ ਵੀ ਸੋਚ ਲੈਣਾ ਚਾਹੀਦਾ ਹੈ ਕਿ ਸਮਾਂ ਬਦਲਦਿਆਂ ਦੇਰ ਨਹੀਂ ਲੱਗਦੀ, ਜ਼ਬਰ ਦਾ ਸਾਥ ਦੇਣ ਵਾਲਿਆਂ ਦਾ ਹਸ਼ਰ ਵੀ ਮਾੜਾ ਹੀ ਹੁੰਦਾ ਹੈ। ਉਨ੍ਹਾਂ ਫ਼ਰੀਦਕੋਟ ਦੇ ਸਿੱਖ ਕਾਰਕੁੰਨ ਗੁਰਸੇਵਕ ਸਿੰਘ ਭਾਣੇ ਦੇ ਘਰ ਬਿਨਾਂ ਕਿਸੇ ਕੇਸ ਜਾਂ ਕਾਨੂੰਨੀ ਪ੍ਰਕਿਰਿਆ ਦੇ ਪੁਲਿਸ ਵੱਲੋਂ ਮਾਰੇ ਗਏ ਛਾਪੇ (ਰੇਡ) ਨੂੰ ਬੇਹੱਦ ਘਿਨਾਉਣੀ ਅਤੇ ਨਿੰਦਣਯੋਗ ਕਰਤੂਤ ਦੱਸਿਆ। ਉਨ੍ਹਾਂ ਕਿਹਾ ਕਿ ਮੁਗ਼ਲੀਆ ਤਰਜ਼ 'ਤੇ ਘਰਾਂ 'ਚ ਜਬਰਦਸਤੀ ਵੜ ਕੇ ਸਿੱਖ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ। ਇਤਿਹਾਸ ਦੇ ਝਰੋਖੇ 'ਚੋਂ ਸਰਕਾਰ ਨੂੰ ਆਈਨਾ ਦਿਖਾਉਂਦਿਆਂ ਸਿੰਘ ਸਾਹਿਬ ਨੇ ਕਿਹਾ ਕਿ ਅਹਿਮਦ ਸ਼ਾਹ ਅਬਦਾਲੀ ਅਤੇ ਜ਼ਕਰੀਆ ਖ਼ਾਨ ਵਰਗੇ ਕਈ ਜਬਰ ਦੇ ਵੱਡੇ ਪ੍ਰਤੀਕ ਇਸ ਸਿੱਖ ਆਵਾਜ਼ ਅਤੇ ਹਸਤੀ ਨੂੰ ਮਿਟਾਉਣ ਦਾ ਹੰਕਾਰ ਪਾਲ ਕੇ ਖ਼ਾਕ ਵਿੱਚ ਮਿਲ ਗਏ, ਪਰ ਇਹ ਕਲਗੀਆਂ ਵਾਲੇ ਪਾਤਸ਼ਾਹ ਦਾ ਸਾਜਿਆ ਪੰਥ ਹੈ, ਜੋ ਹਮੇਸ਼ਾ ਚੜ੍ਹਦੀ ਕਲਾ ਦੇ ਜੈਕਾਰਿਆਂ ਨਾਲ ਜਬਰ ਦੇ ਸਾਹਮਣੇ ਹਿੱਕ ਤਾਣ ਕੇ ਖੜ੍ਹਦਾ ਆਇਆ ਹੈ।

"੧ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ..........10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ..........9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ , ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਡੀਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੇਿਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਊਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾਂ ਇਨਾਮ | ਦੂਸਰਾ ਇਨਾਮ | ਤੀਸਰਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆਂ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਜਾਬ ਦੀ ਕੁਸ਼ਤੀ [illegible] ਵਿਚ ਹੋਵੇਗੀ । [illegible] ਟੀਮਾਂ ਕੁਸ਼ਤੀਆ ਕਰਵਾਇਆ ਜਾਣਗੀਆ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜ਼ਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।



24 ਜੂਨ ਦਿਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ । ਉਮਰ 15 ਸਾਲ ਤੱਕ ਪਹਿਲਾ ਇਨਾਮ-5100, ਦੂਸਰਾ ਇਨਾਮ-4100, ਤੀਜਾ ਇਨਾਮ-3100 ਰੁਪਏ ਦਿੱਤੇ ਜਾਣਗੇ । ਉਮਰ 11 ਸਾਲ ਤੱਕ ਪਹਿਲਾ ਇਨਾਮ-7100, ਦੂਸਰਾ ਇਨਾਮ-6100 ਰੁਪਏ ਦਿੱਤੇ ਜਾਣਗੇ । [illegible]



24 ਜੂਨ ਦਿਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ । ਪਹਿਲਾ ਇਨਾਮ-



ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ ਹਰੇਕ ਦੌੜਣ ਵਾਲੀ ਜੋੜੀ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ

**ਜੌਹਲ ਹਸਪਤਾਲ**

ਦਸ ਖਿਡਾਰੀਆ ਅਤੇ ਬਾਹਰ ਆਏ ਦਰਸ਼ਕਾਂ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜ਼ਦੀਕ ਕਰਵਾਇਆ ਜਾਵੇਗਾ ।**

ਜ਼ਰੂਰੀ ਸ਼ਰਤਾਂ : 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ। 2. ਪੰਜ ਖਿਡਾਰੀਆਂ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ [illegible] 4. [illegible] 5. ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ਼ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋਂ ਕੱਢੇ ਜਾਣਗੇ ।



ਰੱਸਾ-ਕੱਸੀ ਕਲੱਬ ਮਿਤੀ 28-6-2026 ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ ਦਿਖਾਏ ਜਾਣਗੇ । malwatv

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਡੱਲਣ ਵੱਲ ਹੈ ।**

**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੋੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਪੰਥਕ ਸ਼ਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

## ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ: **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਲੋਂ, ਜ: ਮਹਿਤਾਬ ਸਿੰਘ ਵਿਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਈ ਹਰਦੀਪ ਸਿੰਘ ਨਿੱਝਰ ਦੇ ਸ਼ਹਾਦਤ ਦਿਹਾੜੇ 'ਤੇ

# "ਸੰਘਰਸ਼ ਦਾ ਦੌਰ" ਕਿਤਾਬ ਸਰੀ, ਕੈਨੇਡਾ ਵਿਖੇ ਹੋਈ ਰਿਲੀਜ਼




**ਆਗੂ** ਅਤੇ ਸ਼ਹੀਦਾਂ ਨਾਲ ਪਿਆਰ ਕਰਨ ਵਾਲੇ ਗੁਰਸਿੱਖ ਬੜੇ ਹੀ ਉਤਸ਼ਾਹ ਨਾਲ ਰਿਲੀਜ਼ ਕਰ ਰਹੇ ਹਨ। "ਸੰਘਰਸ਼ ਦਾ ਦੌਰ" ਕਿਤਾਬ ਦਾ ਤੀਸਰਾ ਐਡੀਸ਼ਨ ਵੀ ਜਲਦ ਹੀ ਪਾਠਕਾਂ ਦੇ ਰੂ-ਬਰੂ ਹੋਣ ਵਾਲਾ ਹੈ। ਬੀਬੀ ਰਸ਼ਿਪੰਦਰ ਕੌਰ ਗਿੱਲ ਅਤੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਜਥਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਬੀਬੀ ਰਸ਼ਿਪੰਦਰ ਕੌਰ ਗਿੱਲ ਨੇ ਆਖਿਆ ਕਿ ਉਨ੍ਹਾਂ ਦੀ ਮਿਹਨਤ ਸਫ਼ਲ ਹੋ ਰਹੀ ਹੈ। ਇੱਥੇ ਇਹ ਵੀ ਦੱਸਣਯੋਗ ਹੈ ਕਿ "ਸੰਘਰਸ਼ ਦਾ ਦੌਰ" ਕਿਤਾਬ ਦਾ 90 ਫ਼ੀਸਦੀ ਹਿੱਸਾ ਬਿਲਕੁਲ ਮੁਫ਼ਤ ਵੰਡਿਆ ਗਿਆ ਹੈ ਅਤੇ "ਸਿੱਦਕੀ ਤੇ ਸੰਘਰਸ਼ੀ" ਕਿਤਾਬ ਵੀ ਸ਼ਹੀਦ ਪਰਿਵਾਰਾਂ ਅਤੇ ਸੰਘਰਸ਼ੀ ਸ਼ਖ਼ਸੀਅਤਾਂ ਵਾਸਤੇ ਬਿਲਕੁਲ ਮੁਫ਼ਤ ਰੱਖੀ ਗਈ ਹੈ।

**-ਰਸ਼ਿਪੰਦਰ ਕੌਰ ਗਿੱਲ**

### ਟ੍ਰਾਈਸਿਟੀ ਸੀਨੀਅਰ ਸਿਟੀਜ਼ਨਜ਼ ਐਸੋਸੀਏਸ਼ਨ ਵੱਲੋਂ

# ਮਹੀਨਾਵਾਰ ਮੀਟਿੰਗ ਅਤੇ ਮੁਫ਼ਤ ਸਿਹਤ ਜਾਂਚ ਕੈਂਪ ਦਾ ਆਯੋਜਨ



**ਚੌਕ ਮਹਿਤਾ, 22 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਟ੍ਰਾਈਸਿਟੀ ਸੀਨੀਅਰ ਸਿਟੀਜ਼ਨਜ਼ ਕਲੱਬ ਦੀ ਮਹੀਨਾਵਾਰ ਮੀਟਿੰਗ ਸੈਕਟਰ 33 ਦੇ ਕਮਿਊਨਿਟੀ ਸੈਂਟਰ ਵਿਖੇ ਹੋਈ ਇਸ ਸਮਾਗਮ ਦੀ ਸ਼ੁਰੂਆਤ ਸ਼੍ਰੀਮਤੀ ਰਾਜਿੰਦਰ ਕੌਰ (ਪ੍ਰਧਾਨ, ਟੀਐਸਸੀਏ) ਦੇ ਸਵਾਗਤੀ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਸ਼੍ਰੀ ਡੀ.ਪੀ.ਸਿੰਘ ਸਾਬਕਾ ਸੀਈਓ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਸਾਬਕਾ ਸੀਈਓ ਐਚਐਸਜੀਐਮਸੀ ਸਾਬਕਾ ਡੀਜੀਐਮ ਪੰਜਾਬ ਐਂਡ ਸਿੰਧ ਬੈਂਕ, ਸੰਸਥਾਪਕ ਮੈਂਬਰ, ਸਲਾਹਕਾਰ ਅਤੇ ਸਾਬਕਾ ਪ੍ਰਧਾਨ ਜੀਪੀਐਸਐਸ, ਬੀਆਈ ਤੇਰਾ ਹੀ ਤੇਰਾ ਮੈਡੀਕੋਜ਼ ਚੰਡੀਗੜ੍ਹ ਦਾ ਧੰਨਵਾਦ ਕੀਤਾ ਉਨ੍ਹਾਂ ਨੂੰ ਆਪਣੇ ਵਿਚਾਰ ਸਾਂਝੇ ਕਰਨ ਲਈ ਸੱਦਾ ਦਿੱਤਾ। ਸ਼੍ਰੀ ਡੀ.ਪੀ. ਸਿੰਘ ਨੇ ਸਾਰੇ ਹਾਜ਼ਰੀਨ ਦਾ ਸਵਾਗਤ ਕੀਤਾ ਅਤੇ 'ਤੇਰਾ ਹੀ ਤੇਰਾ' ਮਿਸ਼ਨ ਦੇ ਸਹਿਯੋਗ ਨਾਲ ਆਯੋਜਿਤ ਮੁਫ਼ਤ ਸਿਹਤ ਸੰਭਾਲ ਪਹਿਲਕਦਮੀਆਂ ਦੀ ਜਾਣ-ਪਛਾਣ ਕਰਵਾਈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮੈਂਬਰਾਂ ਲਈ ਮੈਮੋਗ੍ਰਾਫੀ, ਹੱਡੀਆਂ ਦੀ ਘਣਤਾ ਦੇ ਟੈਸਟ ਅਤੇ ਨਿਯਮਤ ਬਲੱਡ ਪ੍ਰੈਸ਼ਰ ਜਾਂਚ ਸਮੇਤ ਜ਼ਰੂਰੀ ਜਾਂਚਾਂ ਕੀਤੀਆਂ ਜਾ ਰਹੀਆਂ ਹਨ। ਸਿਹਤ ਜਾਗਰੂਕਤਾ 'ਤੇ ਜ਼ੋਰ ਦਿੰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਮੈਮੋਗ੍ਰਾਫੀ 40 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਲਈ ਬਹੁਤ ਜ਼ਰੂਰੀ ਹੈ ਅਤੇ ਸਾਰੇ ਮੈਂਬਰਾਂ ਨੂੰ ਉਨ੍ਹਾਂ ਦੀਆਂ ਰਿਪੋਰਟਾਂ ਦੇ ਆਧਾਰ 'ਤੇ ਸਮੇਂ ਸਿਰ ਡਾਕਟਰੀ ਦਖਲਅੰਦਾਜ਼ੀ ਨੂੰ ਯਕੀਨੀ ਬਣਾਉਣ ਲਈ ਹੱਡੀਆਂ ਦੀ ਘਣਤਾ ਦੇ ਟੈਸਟ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਪਿਤਾ ਦਿਵਸ ਦੇ ਮੌਕੇ 'ਤੇ ਆਪਣੀਆਂ ਨਿੱਘੀਆਂ ਸ਼ੁਭਕਾਮਨਾਵਾਂ ਵੀ ਦਿੱਤੀਆਂ ਸ਼੍ਰੀ ਜਸਮਨਪ੍ਰੀਤ ਸਿੰਘ, ਸੀਨੀਅਰ ਡਿਪਟੀ ਮੇਅਰ, ਮੁੱਖ ਮਹਿਮਾਨ ਵਜੋਂ ਇਸ ਮੌਕੇ 'ਤੇ ਪਹੁੰਚੇ ਉਨ੍ਹਾਂ ਦਾ ਪ੍ਰਧਾਨ ਸ਼੍ਰੀਮਤੀ ਰਾਜਿੰਦਰ ਕੌਰ, ਸ਼੍ਰੀ ਡੀ.ਪੀ. ਸਿੰਘ ('ਤੇਰਾ ਹੀ ਤੇਰਾ' ਮਿਸ਼ਨ), ਐਡਵੋਕੇਟ ਸੁਰਿੰਦਰ ਸਿੰਘ, ਸ਼੍ਰੀ ਸਤਨਾਮ ਸਿੰਘ ਨਾਮੀ, ਸ਼੍ਰੀ ਗੁਰਦਿਆਲ ਸਿੰਘ ਅਤੇ ਸ਼੍ਰੀ ਸੁਖਵੰਤ ਸਿੰਘ ਦੁਆਰਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਸਨਮਾਨਿਤ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ, ਸੀਨੀਅਰ ਡਿਪਟੀ ਮੇਅਰ ਨੇ 'ਤੇਰਾ ਹੀ ਤੇਰਾ' ਮਿਸ਼ਨ ਨੂੰ ਮੈਂਬਰਾਂ ਲਈ ਹੋਰ ਵਿਸ਼ੇਸ਼ ਕੈਂਪ ਲਗਾਉਣ ਦੀ ਬੇਨਤੀ ਕੀਤੀ। 'ਟੀਐਸਸੀਏ' ਦੇ ਚੇਅਰਮੈਨ ਅਤੇ ਤੇਰਾ ਹੀ ਤੇਰਾ' ਮਿਸ਼ਨ ਦੇ ਜਨਰਲ ਸਕੱਤਰ ਡਾ. ਹਰਜੀਤ ਸਿੰਘ ਸੱਭਰਵਾਲ ਵੀ ਮੀਟਿੰਗ ਵਿੱਚ ਸ਼ਾਮਲ ਹੋਏ ਅਤੇ ਟ੍ਰਾਈਸਿਟੀ ਸੀਨੀਅਰ ਸਿਟੀਜ਼ਨਜ਼ ਕਲੱਬ ਦੇ ਪ੍ਰਬੰਧਨ ਦੁਆਰਾ ਉਨ੍ਹਾਂ ਦਾ ਰਸਮੀ ਸਵਾਗਤ ਕੀਤਾ ਗਿਆ। ਸੀਨੀਅਰ ਡਿਪਟੀ ਮੇਅਰ ਸ਼੍ਰੀ ਜਸਮਨਪ੍ਰੀਤ ਸਿੰਘ ਦੁਆਰਾ ਕੀਤੀ ਗਈ ਬੇਨਤੀ ਦਾ ਜਵਾਬ ਦਿੰਦੇ ਹੋਏ, ਡਾ. ਸੱਭਰਵਾਲ ਨੇ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਭਵਿੱਖ ਦੇ ਕੈਂਪਾਂ ਵਿੱਚ ਅੱਖਾਂ ਅਤੇ ਦਿਲ ਦੇ ਮਾਹਿਰਾਂ ਨੂੰ ਲਿਆਉਣ ਦਾ ਵਾਅਦਾ ਕੀਤਾ ਕੈਂਪ ਦੌਰਾਨ, 31 ਮੈਮੋਗ੍ਰਾਫੀ ਟੈਸਟ ਅਤੇ 100 ਤੋਂ ਵੱਧ ਹੱਡੀਆਂ ਦੀ ਘਣਤਾ ਜਾਂਚ ਸਫਲਤਾਪੂਰਵਕ ਕੀਤੀ ਗਈ। ਮੈਡੀਕਲ ਕੈਂਪ ਦਾ ਸੁਚਾਰੂ ਸੰਚਾਲਨ ਮੈਡਮ ਨੇਹਾ, ਮੈਡਮ ਹਰਪ੍ਰੀਤ ਕੌਰ, ਸ਼੍ਰੀ ਹਰਵਿੰਦਰ ਮਨੋਚਾ, ਮੈਡਮ ਸਵੀਟੀ ਮਨੋਚਾ ਅਤੇ ਐਡਵੋਕੇਟ ਸੁਰਿੰਦਰ ਸਿੰਘ, ਸ਼੍ਰੀ ਲਵ ਮਲਹੋਤਰਾ ਜੀ ਦੁਆਰਾ ਕੀਤਾ ਗਿਆ ਇੱਕ ਵਿਲੱਖਣ ਹਿੱਸੇ ਵਿੱਚ, ਇੱਕ ਯੋਗਾ ਮਾਸਟਰ ਨੇ ਮੈਂਬਰਾਂ ਨੂੰ ਲਾਭਦਾਇਕ ਯੋਗਾ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ ਇਸ ਤੋਂ ਬਾਅਦ ਤੰਬੋਲਾ ਦੀ ਇੱਕ ਰਵਾਇਤੀ ਖੇਡ ਅਤੇ ਮੀਤ ਤੇਜਪਾਲ ਅਤੇ ਸਾਥੀਆਂ ਦੁਆਰਾ ਪੇਸ਼ ਕੀਤਾ ਗਿਆ ਇੱਕ ਜੀਵੰਤ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਜਨਮਦਿਨ ਸਮਾਰੋਹ ਅਤੇ ਦੁਪਹਿਰ ਦਾ ਖਾਣਾ ਕਲੱਬ ਨੇ ਜੂਨ ਦੇ ਮਹੀਨੇ ਵਿੱਚ ਜਨਮੇ ਮੈਂਬਰਾਂ ਦੇ ਜਨਮਦਿਨ ਨੂੰ ਕੇਕ ਕੱਟਣ ਦੀ ਰਸਮ ਨਾਲ ਵੀ ਮਨਾਇਆ, ਜਿਸ ਤੋਂ ਬਾਅਦ ਇੱਕ ਸ਼ਾਨਦਾਰ ਦੁਪਹਿਰ ਦਾ ਖਾਣਾ ਹੋਇਆ ਜਿਸਦਾ ਸਾਰਿਆਂ ਨੇ ਆਨੰਦ ਮਾਣਿਆ ਸਟੇਜ ਨੂੰ ਸ਼੍ਰੀ ਦੀਪਕ ਜੀ (ਸੇਵਾਮੁਕਤ ਡੀਐਸਪੀ) ਵਲੋ ਸ਼ਾਨਦਾਰ ਢੰਗ ਨਾਲ ਸੰਭਾਲਿਆ ਗਿਆ ਅਤੇ ਲੰਗਰ ਵੀ ਅਟੁੱਟ ਵਰਤਾਇਆ ਗਿਆ।

# ਗੁਰਦੁਆਰਾ ਗੁਰੂ ਨਾਨਕ ਦਰਬਾਰ ਪਾਰਕ ਐਕਸ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਮੌਕੇ ਸੇਵਾਦਾਰਾਂ ਦਾ ਵਿਸ਼ੇਸ਼ ਸਨਮਾਨ



**ਨਵੀਂ ਦਿੱਲੀ 22 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡਾ ਦੇ ਮੌਂਟਰੀਆਲ ਵਿਖ਼ੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਪਾਰਕ ਐਕਸ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਬੜੀ ਸ਼ਰਧਾ, ਸਤਿਕਾਰ ਅਤੇ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰੂ ਘਰ ਦੇ ਦਰਸ਼ਨ ਕੀਤੇ ਅਤੇ ਮਹਾਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਧਾਰਮਿਕ ਸਮਾਗਮ ਦੌਰਾਨ ਭਾਈ ਮੇਜਰ ਸਿੰਘ ਜ਼ਖ਼ਮੀ ਦੇ ਕੀਰਤਨ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ। ਉਪਰੰਤ ਭਾਈ ਦਲਵੀਰ ਸਿੰਘ ਨੇ ਕਥਾ-ਵਿਚਾਰ ਰਾਹੀਂ ਸੰਗਤਾਂ ਨਾਲ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਮਹਾਨ ਅਤੇ ਲਾਸਾਨੀ ਸ਼ਹਾਦਤ ਦਾ ਇਤਿਹਾਸ ਸਾਂਝਾ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਇੱਕ ਵਿਸ਼ੇਸ਼ ਸਨਮਾਨ ਸਮਾਗਮ ਵੀ ਆਯੋਜਿਤ ਕੀਤਾ ਗਿਆ। ਗੁਰਦੁਆਰਾ ਸਾਹਿਬ ਕਮੇਟੀ ਨੇ ਹਾਲ ਹੀ ਵਿੱਚ ਹੋਏ ਮਹਾਨ ਨਗਰ ਕੀਰਤਨ ਦੌਰਾਨ ਗੁਰਦੁਆਰਾ ਗੁਰੂ ਨਾਨਕ ਦਰਬਾਰ ਲਾਸਾਲ ਵਿਖੇ ਦਿਨ-ਰਾਤ ਨਿਰਸਵਾਰਥ ਸੇਵਾਵਾਂ ਨਿਭਾਉਣ ਵਾਲੇ ਸਮੂਹ ਵਲੰਟੀਅਰਾਂ ਨੂੰ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਪੱਤਰ (ਵਲੰਟੀਅਰ ਸਰਟੀਫਿਕੇਟ) ਭੇਟ ਕਰਕੇ ਸਨਮਾਨਿਤ ਕੀਤਾ। ਸਟੇਜ ਸਕੱਤਰ ਦੀ ਸੇਵਾ ਭਾਈ ਮੁਲਖ ਸਿੰਘ ਨੇ ਨਿਭਾਈ। ਗੁਰੂ ਘਰ ਦੇ ਮੁੱਖ ਸੇਵਾਦਾਰ ਭਾਈ ਜਸਵਿੰਦਰ ਸਿੰਘ ਨੇ ਸਮੂਹ ਸ਼ਰਧਾਲੂਆਂ ਅਤੇ ਸੇਵਾਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਵਲੰਟੀਅਰਾਂ ਨੂੰ ਸਰਟੀਫਿਕੇਟ ਵੰਡਣ ਦੀ ਸੇਵਾ ਭਾਈ ਅਵਤਾਰ ਸਿੰਘ, ਭਾਈ ਬਲਵਿੰਦਰ ਸਿੰਘ, ਭਾਈ ਰਸਪਾਲ ਸਿੰਘ ਬਦੇਸਾ ਅਤੇ ਗੁਰੂ ਘਰ ਦੇ ਵਜ਼ੀਰ ਬਾਬਾ ਜਗਤਾਰ ਸਿੰਘ ਨੇ ਸਾਂਝੇ ਤੌਰ 'ਤੇ ਨਿਭਾਈ। ਪ੍ਰਬੰਧਕ ਕਮੇਟੀ ਵੱਲੋਂ ਪਾਰਕ ਸੇਵਕਾਂ ਭਾਈ ਮੇਜਰ ਸਿੰਘ, ਭਾਈ ਜਰਨੈਲ ਸਿੰਘ ਜੈਲੀ, ਭਾਈ ਸੁਖਵਿੰਦਰ ਸਿੰਘ, ਭਾਈ ਬਿਕਰਮ ਸਿੰਘ, ਭਾਈ ਹਰਵਿੰਦਰ ਸਿੰਘ, ਭਾਈ ਅੰਗਰੇਜ਼ ਸਿੰਘ, ਭਾਈ ਰਣਜੀਤ ਸਿੰਘ ਮੱਲੀ, ਭਾਈ ਪਰਮਜੀਤ ਸਿੰਘ, ਭਾਈ ਜਨਪਾਲ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਜਸਵੰਤ ਸਿੰਘ, ਭਾਈ ਸਤਨਾਮ ਸਿੰਘ ਅਤੇ ਭਾਈ ਗੁਰਪ੍ਰੀਤ ਸਿੰਘ ਦੀਆਂ ਵਿਸ਼ੇਸ਼ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਸਮੂਹ ਪ੍ਰਬੰਧਾਂ ਨੂੰ ਸਫਲ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ। ਸਮਾਗਮ ਦੌਰਾਨ ਗੁਰੂ ਕੇ ਅਟੁੱਟ ਲੰਗਰ ਅਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਦੀ ਸੇਵਾ ਨਿਰੰਤਰ ਚਲਦੀ ਰਹੀ, ਜਿਸ ਦਾ ਸੰਗਤਾਂ ਨੇ ਭਰਪੂਰ ਲਾਭ ਪ੍ਰਾਪਤ ਕੀਤਾ।

### ਮਾਮਲਾ ਪਹਾੜੀਆਂ ਵੱਲੋਂ ਸ਼੍ਰੀ ਹੇਮਕੁੰਟ ਸਾਹਿਬ ਯਾਤਰੀਆਂ ਨੂੰ ਨਫਰਤ ਕਰਨ ਦਾ

# ਪਹਾੜੀਆਂ ਦੀ ਭੂਮਿਕਾ ਨੂੰ ਨਜ਼ਰਅੰਦਾਜ਼ ਕਰਨਾ ਇਨਸਾਫ਼ ਦੇ ਬੁਨਿਆਦੀ ਅਸੂਲਾਂ ਦੇ ਉਲਟ : ਰੁਸਤਮ ਮੌਰਿੰਡਾ : ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਪੁਆਧ

ਉੱਤਰਾਖੰਡ ਦੇ ਕਰਨਪ੍ਰਯਾਗ ਵਿਖੇ ਸ਼੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਤੋਂ ਵਾਪਸ ਆ ਰਹੇ ਨਿਹੰਗ ਸਿੰਘਾਂ ਅਤੇ ਸਥਾਨਕ ਲੋਕਾਂ ਵਿਚਕਾਰ ਹੋਈ ਝੜਪ ਬੇਹੱਦ ਮੰਦਭਾਗੀ ਹੈ । ਇਸ ਘਟਨਾ ਵਿੱਚ ਜ਼ਖ਼ਮੀ ਹੋਏ ਸਾਰੇ ਲੋਕਾਂ ਪ੍ਰਤੀ ਅਸੀਂ ਹਮਦਰਦੀ ਪ੍ਰਗਟ ਕਰਦੇ ਹਾਂ ।

ਚਿੰਤਾ ਵਾਲੀ ਗੱਲ ਇਹ ਹੈ ਕਿ ਪਿਛਲੇ ਕੁਝ ਸਮੇਂ ਤੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸਿੱਖਾਂ ਅਤੇ ਪੰਜਾਬੀਆਂ ਪ੍ਰਤੀ ਨਫ਼ਰਤ ਭਰਾ ਮਾਹੌਲ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਅਜਿਹੀਆਂ ਘਟਨਾਵਾਂ ਨਾਲ ਟਕਰਾਅ ਦਾ ਮਾਹੌਲ ਬਣ ਰਿਹਾ ਹੈ । ਕਿਸੇ ਵੀ ਸਮਾਜ ਵਿੱਚ ਆਪਸੀ ਭਾਈਚਾਰੇ ਦੀ ਥਾਂ ਨਫ਼ਰਤ ਨੂੰ ਵਧਾਉਣਾ ਦੇਸ਼ ਦੀ ਏਕਤਾ ਅਤੇ ਸਮਾਜਿਕ ਸਦਭਾਵਨਾ ਲਈ ਖ਼ਤਰਨਾਕ ਹੈ ।

ਇਸ ਮਾਮਲੇ ਵਿੱਚ ਸਭ ਤੋਂ ਵੱਡਾ ਸਵਾਲ ਇਹ ਹੈ ਕਿ, ਕੀ ਕਾਨੂੰਨ ਅਤੇ ਮੀਡੀਆ ਦੋਵੇਂ ਧਿਰਾਂ ਲਈ ਇੱਕੋ ਜਿਹਾ ਪੈਮਾਨਾ ਵਰਤ ਰਹੇ ਹਨ ? ਜੇਕਰ ਝੜਪ ਦੌਰਾਨ ਦੋਵੇਂ ਪਾਸਿਆਂ ਦੇ ਲੋਕ ਜ਼ਖ਼ਮੀ ਹੋਏ ਹਨ ਤਾਂ ਜਾਂਚ ਅਤੇ ਕਾਰਵਾਈ ਵੀ ਨਿਰਪੱਖ, ਪਾਰਦਰਸ਼ੀ ਅਤੇ ਸੰਤੁਲਿਤ ਹੋਣੀ ਚਾਹੀਦੀ ਹੈ । ਕਿਸੇ ਇੱਕ ਧਿਰ ਨੂੰ ਪਹਿਲਾਂ ਹੀ ਦੋਸ਼ੀ ਕਰਾਰ ਦੇ ਕੇ ਦੂਜੀ ਧਿਰ ਦੀ ਭੂਮਿਕਾ ਨੂੰ ਨਜ਼ਰਅੰਦਾਜ਼ ਕਰਨਾ ਇਨਸਾਫ਼ ਦੇ ਬੁਨਿਆਦੀ ਅਸੂਲਾਂ ਦੇ ਉਲਟ ਹੈ ।

ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਇੱਕ ਘਟਨਾ ਨੂੰ ਆਧਾਰ ਬਣਾ ਕੇ ਪੂਰੇ ਸਿੱਖ ਭਾਈਚਾਰੇ ਅਤੇ ਸ਼੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ।

ਸਿੱਖ ਕੌਮ ਨੇ ਹਮੇਸ਼ਾ ਦੇਸ਼ ਦੀ ਰੱਖਿਆ, ਮਨੁੱਖਤਾ ਦੀ ਭਲਾਈ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੱਤਾ ਹੈ । ਇਸ ਲਈ ਅਸੀਂ ਉੱਤਰਾਖੰਡ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਕਰਨਪ੍ਰਯਾਗ ਘਟਨਾ ਦੀ ਨਿਰਪੱਖ ਜਾਂਚ ਯਕੀਨੀ ਬਣਾਈ ਜਾਵੇ ਅਤੇ ਕਿਸੇ ਵੀ ਹਾਲਤ ਵਿੱਚ ਇੱਕਤਰਫ਼ਾ ਕਾਰਵਾਈ ਜਾਂ ਸਿੱਖਾਂ ਅਤੇ ਪੰਜਾਬੀਆਂ ਖਿਲਾਫ਼ ਨਫ਼ਰਤ ਫੈਲਾਉਣ ਵਾਲੇ ਤੱਤਾਂ ਨੂੰ ਪ੍ਰੋਤਸਾਹਨ ਨਾ ਮਿਲਣ ਦਿੱਤਾ ਜਾਵੇ ।

**-ਪਰਗਟ ਸਿੰਘ ਬਲਬੇੜਾ, 9022000070**




**ਕਨੇਡਾ ਦੇ ਲੰਡਨ ਸ਼ਹਿਰ ਵਿੱਚ ਨਵੀਂ ਖੋਲੀ ਜਾ ਰਹੀ AB's Super Market ਵਿੱਚ ਪੁੱਜੇ**

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦਾ ਪਰਿਵਾਰ ਵੱਲੋਂ ਨਿੱਘਾ ਸਵਾਗਤ

## ਸਿਰਪਾਓ ਅਤੇ ਡਾਕਟਰ ਪ੍ਰਭਲੀਨ ਸਿੰਘ ਓਐਸਡੀ ਹਰਿਆਣਾ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਜੀਵਨ ਅਧਾਰਿਤ ਲਿਖੀ ਕੌਫੀ ਟੇਬਲ ਬੁੱਕ ਭੇਂਟ ਕਰਕੇ ਵਿਸੇਸ਼ ਸਨਮਾਨ ਕੀਤਾ ਗਿਆ











ਕਨੇਡਾ ਦੇ ਲੰਡਨ ਸ਼ਹਿਰ ਵਿੱਚ ਗੁਰਮੁਖ ਪਿਆਰੇ ਦਾ ਸਰਦਾਰ ਪਰਮਪ੍ਰੀਤ ਸਿੰਘ,ਸਰਦਾਰ ਹਰਪ੍ਰੀਤ ਸਿੰਘ,ਸਰਦਾਰ ਗੁਰਵਿੰਦਰ ਸਿੰਘ,ਸਰਦਾਰ ਹਰਸਿਮਰਨ ਸਿੰਘ,ਸਰਦਾਰ ਬਲਵਿੰਦਰ ਸਿੰਘ ਜੀ ਵਲੋਂ ਨਵੀਂ ਖੋਲੀ ਜਾ ਰਹੀ AB's Super Market ਵਿੱਚ ਪ੍ਰੀਵਾਰ ਦੇ ਸੱਦੇ ਉੱਪਰ 21 ਜੂਨ 2026 ਨੂੰ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪ੍ਰੀਵਾਰ ਵੱਲੋਂ ਨਿੱਘਾ ਸਵਾਗਤ ਸਿਰਪਾਓ ਅਤੇ ਡਾਕਟਰ ਪ੍ਰਭਲੀਨ ਸਿੰਘ ਓਐਸਡੀ ਹਰਿਆਣਾ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ. ਬਹਾਦੁਰ ਸਾਹਿਬ ਜੀ ਜੀਵਨ ਅਧਾਰਿਤ ਲਿਖੀ ਕੌਫੀ ਟੇਬਲ ਬੁੱਕ ਭੇਂਟ ਕਰਕੇ ਵਿਸੇਸ਼ ਸਨਮਾਨ ਕੀਤਾ ਗਿਆ ਪ੍ਰਸਿੱਧ ਟਰਾਂਸਪੋਟਰ ਸ਼ੈਰੀ ਕਾਹਲੋਂ ਪਰਿਵਾਰ ਵੀ ਇਸ ਸਮੇਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕਨੇਡਾ ਦੇ ਬਰੈਂਟਫੋਰਡ ਸ਼ਹਿਰ ਗੁਰਦੁਆਰਾ ਗੁਰੂ ਹਰਗੋਬਿੰਦ ਸਾਹਿਬ ਵਿਖੇ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸਿੱਖ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ










ਕਨੇਡਾ ਦੇ ਬਰੈਂਟਫੋਰਡ ਸ਼ਹਿਰ ਗੁਰਦੁਆਰਾ ਗੁਰੂ ਹਰਗੋਬਿੰਦ ਸਾਹਿਬ ਵਿਖੇ 21 ਜੂਨ 2026 ਨੂੰ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸਿੱਖ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ ਅਤੇ ਸਿੱਖ ਸੰਗਤਾਂ ਨੇ ਗੁਰਮਤਿ ਵਿਚਾਰਾਂ ਦਾ ਆਨੰਦ ਮਾਣਿਆ ਪ੍ਰਬੰਧਕਾਂ ਭਾਈ ਸੁਖਦੇਵ ਸਿੰਘ ਭਾਈ ਇੰਦਰਜੀਤ ਸਿੰਘ ਗੋਗੀ ਡਾਕਟਰ ਰਵਿੰਦਰ ਸਿੰਘ ਮੁੱਖ ਗ੍ਰੰਥੀ ਅਤੇ ਸਿੱਖ ਸੰਗਤ ਨੇ ਸਿਰਪਾਓ ਭੇਟ ਕਰਕੇ ਜਥੇਦਾਰ ਦਾਦੂਵਾਲ ਜੀ ਨੂੰ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ

# ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



**ਚੌਕ ਮਹਿਤਾ,22 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਅਧੀਨ ਸੰਚਾਲਿਤ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਯੂਨੀਵਰਸਿਟੀ ਦੇ ਮਾਨਯੋਗ ਉਪ-ਕੁਲਪਤੀ ਪ੍ਰੋ.(ਡਾ.)ਕਰਮਜੀਤ ਸਿੰਘ ਅਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋ.(ਡਾ.)ਸਰੋਜ ਅਰੋੜਾ ਦੀ ਰਹਿਨੁਮਾਈ ਅਤੇ ਕਾਲਜ ਇੰਚਾਰਜ ਤੇ ਐਸੋਸੀਏਟ ਐਨ.ਸੀ.ਸੀ. ਅਫ਼ਸਰ ਡਾ. ਹਰਸਿਮਰਨ ਕੌਰ ਦੀ ਯੋਗ ਅਗਵਾਈ ਹੇਠ ਮਿਤੀ 21 ਜੂਨ 2026 ਨੂੰ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਇਸ ਸਾਲ ਦੇ ਯੋਗ ਦਿਵਸ ਦਾ ਵਿਸ਼ਾ "ਯੋਗਾ ਫਾਰ ਹੈਲਥੀ ਏਜਿੰਗ" ਸੀ। ਇਹ ਸਮਾਗਮ ਕਾਲਜ ਦੀ 24 ਪੰਜਾਬ ਬਟਾਲੀਅਨ ਐਨ.ਸੀ.ਸੀ. ਅੰਮ੍ਰਿਤਸਰ ਯੂਨਿਟ ਵੱਲੋਂ ਆਯੋਜਿਤ ਕੀਤਾ ਗਿਆ, ਜਿਸ ਵਿੱਚ ਐਨ.ਸੀ.ਸੀ. ਕੈਡਿਟਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਯੋਗਾ ਆਸਨਾਂ ਅਤੇ ਪ੍ਰਾਣਾਯਾਮ ਦਾ ਅਭਿਆਸ ਕਰਵਾਇਆ ਗਿਆ ਅਤੇ ਵਿਦਿਆਰਥੀਆਂ ਨੂੰ ਯੋਗਾ ਦੇ ਸਰੀਰਕ, ਮਾਨਸਿਕ ਅਤੇ ਆਤਮਿਕ ਲਾਭਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਕਾਲਜ ਇੰਚਾਰਜ ਤੇ ਐਸੋਸੀਏਟ ਐਨ.ਸੀ.ਸੀ. ਅਫ਼ਸਰ ਡਾ. ਹਰਸਿਮਰਨ ਕੌਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਯੋਗਾ ਸਿਹਤਮੰਦ ਜੀਵਨ ਦਾ ਅਹਿਮ ਅੰਗ ਹੈ। ਯੋਗਾ ਮਨੁੱਖ ਨੂੰ ਤੰਦਰੁਸਤ ਸਰੀਰ, ਸ਼ਾਂਤ ਮਨ ਅਤੇ ਸਕਾਰਾਤਮਕ ਸੋਚ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਯੋਗਾ ਅਪਣਾਉਣ ਲਈ ਪ੍ਰੇਰਿਤ ਕੀਤਾ। ਜ਼ਿਕਰਯੋਗ ਹੈ ਕਿ ਸਠਿਆਲਾ ਕਾਲਜ ਵਿਖੇ ਹਰ ਸਾਲ ਅੰਤਰਰਾਸ਼ਟਰੀ ਯੋਗ ਦਿਵਸ ਨੂੰ ਮਨਾਇਆ ਜਾਂਦਾ ਹੈ।। ਸਮਾਗਮ ਦੌਰਾਨ ਹੀਰਾ ਲਾਲ, ਮਨਦੀਪ ਸਿੰਘ, ਕਰਮਬੀਰ ਸਿੰਘ, ਮਨੂ ਬਾਲਾ, ਮਨੀਸ਼ਾ ਅਤੇ ਹੇਮੰਤ ਕੁਮਾਰ ਤੋਂ ਇਲਾਵਾ ਕਾਲਜ ਦੇ ਸਫ਼ਾਈ ਕਰਮਚਾਰੀ ਵੀ ਮੌਜੂਦ ਸਨ। ਯੋਗਾ ਸੈਸ਼ਨ ਤੋਂ ਬਾਅਦ ਭਾਗੀਦਾਰਾਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ। ਅੰਤ ਵਿੱਚ ਸਾਰਿਆਂ ਨੇ ਨਿਯਮਿਤ ਤੌਰ 'ਤੇ ਯੋਗਾ ਕਰਨ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੰਕਲਪ ਲਿਆ।

### ਜੱਥੇਬੰਦੀ ਦੀ ਸਰਬਸੰਮਤੀ ਨਾਲ ਹੋਈ ਚੋਣ ਵਿਚ

# ਅਮਰਜੀਤ ਬਾਵਾ ਬਣੇ ਪ੍ਰਧਾਨ - ਕਹੇਰੂ



ਧੂਰੀ ( ਰਣਜੀਤ ਸਿੰਘ ਪੇਧਨੀ ) ਪਾਵਰਕਾਮ ਦੀ ਪ੍ਰਮੁੱਖ ਜੱਥੇਬੰਦੀ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਪੰਜਬ ਦੇ ਸੱਦੇ ਤੇ ਜੁਝਾਰੂ ਸਾਥੀਆਂ ਅੰਦਰ ਚੇਤਨਾ ਸਰਗਰਮੀਆਂ ਤਹਿਤ ਮੰਡਲ ਧੂਰੀ ਦੇ ਪ੍ਰਧਾਨ ਗੁਰਪਿੰਦਰ ਸਿੰਘ ਕਹੇਰੂ ਦੀ ਪ੍ਰਧਾਨਗੀ ਹੇਠ ਇੱਕ ਅਹਿਮ ਮੀਟਿੰਗ ਪਾਵਰਕਾਮ ਦੇ ਸਥਾਨਕ ਪੈਨਸ਼ਨਰ ਸੈਡ ਧੂਰੀ ਵਿਖੇ ਹੋਈ। ਇਸ ਮੌਕੇ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਮੰਡਲ ਧੂਰੀ ਅਧੀਨ ਸਬ ਡਵੀਜ਼ਨ ਭਲਵਾਨ ਅਤੇ ਸ਼ਹਿਰੀ ਧੂਰੀ ਦੇ ਸਰਗਰਮ ਆਗੂਆਂ ਅਤੇ ਜੁਝਾਰੂ ਸਾਥੀਆਂ ਨੂੰ ਸੰਬੋਧਨ ਕਰਦਿਆਂ ਸੂਬਾ ਮੀਤ ਪ੍ਰਧਾਨ ਚਰਨਜੀਤ ਸਿੰਘ ਬਾਵਾ ਨੇ ਦੱਸਿਆ ਕਿ ਅੱਜ ਪੰਜਾਬ ਦਾ ਸਮੁੱਚਾ ਮੁਲਾਜਮ ਵਰਗ ਆਪਣੀਆਂ ਜਾਇਜ ਅਤੇ ਹੱਕੀ ਮੰਗਾਂ ਲਈ ਸਾਂਝੇ ਸੰਘਰਸ਼ ਪ੍ਰੋਗਰਾਮਾਂ ਵਿੱਚ ਵੱਡੇ ਪੱਧਰ ਤੇ ਸ਼ਮੂਲੀਅਤ ਕਰ ਰਿਹਾ ਹੈ। ਪਾਵਰਕੌਮ ਮੇਂਨਜਮੇਂਟ ਵੀ ਮੁਲਾਜਮਾਂ ਨੂੰ ਸੇਫਟੀ ਕਿੱਟਾਂ ਦੇਣ ਤੋਂ ਨਾਂਹ ਕਰ ਰਹੀ, ਇਸ ਨਾਲ ਬਿਜਲੀ ਮੁਲਾਜਮ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ ਅਤੇ ਸਮੁੱਚੇ ਮੁਲਾਜਮ ਵਰਗ ਦੇ ਵੱਖ ਵੱਖ ਕੇਡਰ ਦੀਆਂ ਤਰੱਕੀਆਂ ਵਿੱਚ ਖੜੋਤ ਨੂੰ ਦੂਰ ਕਰਨ ਵਿੱਚ ਅਸਫਲ ਰਹੀ ਹੈ। ਇਸ ਮੀਟਿੰਗ ਵਿੱਚ ਸਰਕਲ ਆਗੂ ਮਨਜੀਤ ਸਿੰਘ ਲੱਡਾ, ਜਰਨੈਲ ਸਿੰਘ ਮਾਨਾਂ ਅਤੇ ਡਵੀਜਨ ਖਜਾਨਚੀ ਜਸਵੀਰ ਸ਼ਰਮਾ ਵੀ ਮੌਜੂਦ ਸਨ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਪਿੰਦਰ ਸਿੰਘ ਕਹੇਰੂ ਨੇ ਦੱਸਿਆ ਕਿ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਹਮੇਸ਼ਾਂ ਸਮੁੱਚੇ ਮੁਲਾਜਮ ਵਰਗ ਦੀਆਂ ਮੁਸਕਲਾਂ ਦੇ ਹੱਲ ਲਈ ਤੱਤਪਰ ਰਹਿੰਦੀਆਂ ਅੱਜ ਉਪ ਮੰਡਲ ਭਲਵਾਨ ਤੇ ਸਿਟੀ ਧੂਰੀ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ । ਪ੍ਰਧਾਨ ਅਮਰਜੀਤ ਬਾਵਾ, ਮੀਤ ਪ੍ਰਧਾਨ ਸੰਦੀਪ ਸਿੰਘ ਧੂਰਾ, ਜਰਨਲ ਸਕੱਤਰ ਗੁਰਸੇਵਕ ਸਿੰਘ ਟੋਡਰਵਾਲ, ਸਹਾਇਕ ਸਕੱਤਰ ਗੁਰਦੀਪ ਸਿੰਘ ਧਾਂਦਰਾ, ਖਜ਼ਾਨਚੀ ਜੱਗਾ ਸਿੰਘ ਮੀਮਸਾ, ਸਹਾਇਕ ਖਜ਼ਾਨਚੀ ਸਿਵਜੰਟ ਸਿੰਘ, ਪ੍ਰੈਸ ਸਕੱਤਰ ਸੁਖਜੀਤ ਸਿੰਘ ਭਲਵਾਨ। ਇਸ ਮੌਕੇ ਮਨਵੀਰ ਸਿੰਘ, ਅੰਮ੍ਰਿਤਪਾਲ ਸਿੰਘ, ਹਰਪ੍ਰੀਤ ਕੁਮਾਰ, ਸੰਦੀਪ ਸਿੰਘ ਸਲੇਮਗੜ੍ਹ, ਜੋਗਿੰਦਰ ਸਿੰਘ ਸਲੇਮਗੜ੍ਹ, ਸੋਮਾ ਸਿੰਘ ਸਲੇਮਗੜ੍ਹ ਆਦਿ ਸਾਥੀ ਹਾਜ਼ਰ ਸਨ।

### ਬਹੁਜਨ ਦ੍ਰਾਵਿੜ ਪਾਰਟੀ ਵੱਲੋਂ ਪੰਜਾਬ ਵਿੱਚ

# ਕਾਂਸ਼ੀਰਾਮ ਅੰਦੋਲਨ ਨੂੰ ਮਜ਼ਬੂਤ ਕਰਨ ਲਈ ਹੋਈ ਵਿਸ਼ਾਲ ਮੀਟਿੰਗ



ਨਵੀਂ ਦਿੱਲੀ 22 ਜੂਨ (ਮਨਪ੍ਰੀਤ ਸਿੰਘ ਖਾਲਸਾ):- ਬੀਤੇ ਦਿਨ ਲੁਧਿਆਣਾ ਵਿਖੇ ਡਾ. ਭੀਮ ਰਾਓ ਅੰਬੇਡਕਰ ਭਵਨ ਵਿੱਚ ਬਹੁਜਨ ਦ੍ਰਾਵਿੜ ਪਾਰਟੀ (ਬੀਡੀਪੀ) ਦੀ ਇੱਕ ਵਿਸ਼ਾਲ ਮੀਟਿੰਗ ਕੌਮੀ ਪ੍ਰਧਾਨ ਸਰਦਾਰ ਜੀਵਨ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਬਹੁਜਨ ਕਾਰਕੁਨਾਂ, ਸਮਾਜਿਕ ਚਿੰਤਕਾਂ ਅਤੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਪ੍ਰਤੀਨਿਧੀਆਂ ਨੇ ਹਿੱਸਾ ਲਿਆ। ਸਮਾਗਮ ਦਾ ਮੁੱਖ ਮਕਸਦ ਸ਼੍ਰੀ ਕਾਂਸ਼ੀਰਾਮ ਦੇ ਸਮਾਜਿਕ ਤੇ ਰਾਜਨੀਤਿਕ ਅੰਦੋਲਨ ਨੂੰ ਮੁੜ ਸੰਗਠਿਤ ਅਤੇ ਮਜ਼ਬੂਤ ਕਰਨਾ ਸੀ। ਆਪਣੇ ਸੰਬੋਧਨ ਵਿੱਚ ਸਰਦਾਰ ਜੀਵਨ ਸਿੰਘ ਨੇ ਬਹੁਜਨ ਸਮਾਜ ਨੂੰ ਰਾਜਨੀਤਿਕ, ਆਰਥਿਕ ਅਤੇ ਸਮਾਜਿਕ ਤੌਰ 'ਤੇ ਸਸ਼ਕਤ ਬਣਨ ਦਾ ਸੱਦਾ ਦਿੱਤਾ। ਉਨ੍ਹਾਂ ਕਾਂਸ਼ੀਰਾਮ ਦੇ ਸਿਧਾਂਤਾਂ—ਫ਼ੈਸਲੇ ਲੈਣ ਵਾਲੀ ਤਾਕਤ ਬਣਨਾ, ਰਣਨੀਤਿਕ ਰਾਜਨੀਤੀ ਅਤੇ ਬਹੁਜਨ ਏਕਤਾ—ਨੂੰ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਬਹੁਜਨ ਸਮਾਜ ਨੂੰ ਸਿੱਖਿਆ, ਮੀਡੀਆ, ਉਦਯੋਗ ਅਤੇ ਰਾਜਨੀਤੀ ਵਿੱਚ ਆਪਣੀ ਮਜ਼ਬੂਤ ਹਿੱਸੇਦਾਰੀ ਯਕੀਨੀ ਬਣਾਉਣੀ ਚਾਹੀਦੀ ਹੈ। ਮੀਟਿੰਗ ਦੌਰਾਨ ਬਹੁਜਨ ਨੌਜਵਾਨਾਂ ਨੂੰ ਸਮਾਜਿਕ ਬਦਲਾਅ ਅਤੇ ਲੀਡਰਸ਼ਿਪ ਲਈ ਅੱਗੇ ਆਉਣ ਦਾ ਸੱਦਾ ਵੀ ਦਿੱਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਏਕਤਾ ਅਤੇ ਸੰਗਠਨ ਹੀ ਬਹੁਜਨ ਸਮਾਜ ਦੀ ਤਰੱਕੀ ਦਾ ਆਧਾਰ ਹਨ। ਮੀਟਿੰਗ ਦੇ ਅੰਤ ਵਿੱਚ ਪੰਜਾਬ ਭਰ ਵਿੱਚ ਕਾਂਸ਼ੀਰਾਮ ਅੰਦੋਲਨ ਨੂੰ ਮਜ਼ਬੂਤ ਕਰਨ ਅਤੇ ਸਮਾਜਿਕ ਪਰਿਵਰਤਨ ਲਈ ਸੰਘਰਸ਼ ਜਾਰੀ ਰੱਖਣ ਦਾ ਸੰਕਲਪ ਲਿਆ ਗਿਆ, ਜਦਕਿ ਅਖੰਡ ਕੀਰਤਨੀ ਜਥਾ ਇੰਟਰਨੈਸ਼ਨਲ ਦੇ ਬੁਲਾਰੇ ਭਾਈ ਰਤਿੰਦਰ ਸਿੰਘ ਇੰਦੌਰ ਵੱਲੋਂ ਥੰਥਾਈ ਪੇਰੀਆਰ ਦੀ ਜੀਵਨੀ ਦੇ ਪੰਜਾਬੀ ਸੰਸਕਰਣ ਦਾ ਲੋਕ ਅਰਪਣ ਵੀ ਕੀਤਾ ਗਿਆ ਇਸ ਮੌਕੇ ਭਾਈ ਸੁਰਿੰਦਰ ਸਿੰਘ ਤਾਲਿਬਪੁਰਾ ਵੀ ਹਾਜਿਰ ਸਨ।

# ਪੰਜਾਬੀ 2027 'ਚ ਮਾਨ ਸਰਕਾਰ ਦੇ ਕੀਤੇ ਕੰਮਾਂ 'ਤੇ ਮੋਹਰ ਲਾ ਕੇ ਦੁਬਾਰਾ ਸਰਕਾਰ ਬਣਾਉਣਗੇ-ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਵਿੱਚ ਕੀਤੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਲੋਕ ਮਿਲਣੀ ਦੇ ਨਾ ਤੇ ਇਕ ਸਮਾਗਮ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਕੀਤੇ ਜਾ ਰਹੇ ਹਨ। ਇਸੇ ਹੀ ਤਹਿਤ ਹਲਕੇ ਵਿੱਚ ਪੈਂਦੇ ਪਿੰਡ ਢਢੋਗਲ ਵਿਖੇ ਬਲਾਕ ਸੰਮਤੀ ਦੇ ਵਾਇਸ ਚੇਅਰਮੈਨ ਸਤਨਾਮ ਸਿੰਘ ਢਢੋਗਲ ਦੀ ਅਗਵਾਈ ਹੇਠ ਪੰਜਾਬ ਦਾ ਇੱਕੋ ਨਾਅਰਾ ਭਗਵੰਤ ਮਾਨ ਸਰਕਾਰ ਦੁਬਾਰਾ ਦੇ ਬੈਨਰ ਹੇਠ ਇਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਚੇਅਰਮੈਨ ਘੁੱਲੀ ਨੇ ਪਿੰਡ ਢਢੋਗਲ ਵਿਖੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਨੇ ਮੁਫ਼ਤ ਬਿਜਲੀ ਅਤੇ ਆਮ ਆਦਮੀ ਕਲੀਨਿਕਾਂ ਵਰਗੇ ਇਤਿਹਾਸਕ ਫੈਸਲਿਆਂ ਨੂੰ ਅਮਲੀ ਜਾਮਾ ਪਹਿਨਾ ਕੇ ਸੂਬੇ ਵਿੱਚ ਅਸੰਭਵ ਕੰਮਾਂ ਨੂੰ ਸੰਭਵ ਕਰਕੇ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਹਮੇਸ਼ਾ ਲੋਕਾਂ ਨਾਲ ਝੂਠੇ ਵਾਅਦੇ ਕੀਤੇ,ਪਰ ਮੌਜੂਦਾ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ। ਇਸ ਮੌਕੇ ਡਾਕਟਰ ਅਵਤਾਰ ਖਾਨ ਸਕੱਤਰ ਢਢੋਗਲ ਸੁਖਬੀਰ ਸਿੰਘ ਗੋਰਾ ਭਰਭੂਰ ਸਿੰਘ ਮਲਕੀਤ ਸਿੰਘ ਆਤਮਾ ਸਿੰਘ ਬਲਜੀਤ ਸਿੰਘ ਮੈਂਬਰ ਗੁਰਿੰਦਰ ਸਿੰਘ ,ਲਖਵੀਰ ਸਿੰਘ, ਸਰਪੰਚ ਜਸਵੀਰ ਦਾਸ ਢਢੋਗਲ , ਆਪ ਆਗੂ ਭਿੰਦਾ ਵਿਰਕ, ਆਪ ਆਗੂ ਮਾਣਾ ਗਰੇਵਾਲ, ਉੱਘੇ ਸਮਾਜ ਸੇਵੀ ਆਪ ਆਗੂ ਚੀਨੂ ਧੀਰ ਚਾਹਤ ਹਾਜਰ ਸਨ।

# ਜਾਅਲੀ ਵੀਡੀਓ ਦਿਖਾ ਕੇ ਅਕਾਲੀ ਦਲ ਵਾਲੇ ਮੁੱਖ ਮੰਤਰੀ ਨੂੰ ਲੋਕਾਂ ਦੇ ਦਿਲਾਂ ਚੋਂ ਨੀ ਕੱਢ ਸਕਦੇ: ਚੇਅਰਮੈਨ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਸੰਬੰਧਿਤ ਸੋਸ਼ਲ ਮੀਡੀਆ ਤੇ ਚੱਲ ਰਹੀ ਕਥਿਤ ਨਕਲੀ ਵੀਡੀਓ ਨੂੰ ਲੈ ਕੇ ਤਿੱਖੀ ਪ੍ਰਤੀਕਰਮ ਕਰਦਿਆਂ ਉੱਘੇ ਸਮਾਜ ਸੇਵੀ ਰਣਜੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ ਨੇ ਕਿਹਾ ਕਿ ਇਹ ਪੰਜਾਬ ਦੇ ਮੁੱਖ ਮੰਤਰੀ ਦੀ ਛਵੀ ਨੂੰ ਖ਼ਰਾਬ ਕਰਨ ਅਤੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਇੱਕ ਸੋਚੀ-ਸਮਝੀ ਸਾਜ਼ਿਸ਼ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਵੱਲੋਂ ਰਾਜਨੀਤਿਕ ਲਾਭ ਲਈ ਅਜਿਹੇ ਹਥਕੰਡੇ ਅਪਣਾਏ ਜਾ ਰਹੇ ਹਨ, ਪਰ ਪੰਜਾਬ ਦੇ ਲੋਕ ਸੱਚਾਈ ਨੂੰ ਭਲੀਭਾਂਤ ਜਾਣਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇੱਕ ਸਾਫ਼-ਸੁਥਰੀ ਅਤੇ ਲੋਕਪੱਖੀ ਛਵੀ ਵਾਲੇ ਆਗੂ ਹਨ। ਉਨ੍ਹਾਂ ਕਿਹਾ ਕਿ ਜਿਸ ਵਿਅਕਤੀ ਨੇ ਆਪਣਾ ਇਸ਼ਟ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੰਨਿਆ ਹੋਵੇ ਅਤੇ ਜੋ ਇੱਕ ਸਿੱਖ ਪਰਿਵਾਰ ਵਿੱਚ ਪੈਦਾ ਹੋਇਆ ਹੋਵੇ, ਉਹ ਅਜਿਹੀ ਕੋਈ ਵੀ ਹਰਕਤ ਨਹੀਂ ਕਰ ਸਕਦਾ ਜਿਸ ਨਾਲ ਸਮਾਜਿਕ ਜਾਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੇ। ਉਨ੍ਹਾਂ ਕਿਹਾ ਕਿ ਨਕਲੀ ਵੀਡੀਓ ਤਿਆਰ ਕਰਕੇ ਲੋਕਾਂ ਵਿੱਚ ਭਰਮ ਫੈਲਾਉਣ ਦੀ ਕੋਸ਼ਿਸ਼ ਕਰਨ ਵਾਲੇ ਤੱਤਾਂ ਦੇ ਮਨਸੂਬੇ ਕਦੇ ਕਾਮਯਾਬ ਨਹੀਂ ਹੋਣਗੇ। ਉਨਾ ਕਿਹਾ ਕਿ ਵਿਰੋਧੀ ਧਿਰਾਂ ਨੂੰ ਇਸ ਗੱਲ ਦਾ ਡਰ ਸਤਾ ਰਿਹਾ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਲੋਕਪ੍ਰਿਯਤਾ ਲਗਾਤਾਰ ਵੱਧ ਰਹੀ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਨੂੰ ਪੰਜਾਬ ਦੀ ਜਨਤਾ ਵੱਡਾ ਸਮਰਥਨ ਦੇ ਰਹੀ ਹੈ। ਇਸ ਕਾਰਨ ਵਿਰੋਧੀ ਪਾਰਟੀਆਂ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਹਟਾਉਣ ਲਈ ਝੂਠੀਆਂ ਅਤੇ ਮਨਘੜਤ ਵੀਡੀਓਜ਼ ਦਾ ਸਹਾਰਾ ਲੈ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਰੋਧੀ ਪਾਰਟੀਆਂ ਵਿੱਚ ਹੁਣ ਤੋਂ ਹੀ ਬੇਚੈਨੀ ਨਜ਼ਰ ਆ ਰਹੀ ਹੈ। ਇਸੇ ਕਾਰਨ ਉਹ ਮੁੱਖ ਮੰਤਰੀ ਦੀ ਛਵੀ ਨੂੰ ਨੁਕਸਾਨ ਪਹੁੰਚਾਉਣ ਲਈ ਅਜਿਹੀਆਂ ਕੋਝੀਆਂ ਚਾਲਾਂ ਚੱਲ ਰਹੀਆਂ ਹਨ। ਪਰ ਪੰਜਾਬ ਦੇ ਲੋਕ ਸਿਆਣੇ ਹਨ ਅਤੇ ਉਹ ਸੱਚ ਅਤੇ ਝੂਠ ਵਿੱਚ ਫਰਕ ਕਰਨਾ ਚੰਗੀ ਤਰ੍ਹਾਂ ਜਾਣਦੇ ਹਨ। ਉਨਾ ਕਿਹਾ ਕਿ ਪੰਜਾਬ ਦੀ ਜਨਤਾ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਉੱਤੇ ਪੂਰਾ ਵਿਸ਼ਵਾਸ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਅਤੇ ਭ੍ਰਿਸ਼ਟਾਚਾਰ ਖ਼ਿਲਾਫ਼ ਲੜਾਈ ਦੇ ਖੇਤਰ ਵਿੱਚ ਇਤਿਹਾਸਕ ਕੰਮ ਕੀਤੇ ਹਨ, ਜਿਸ ਕਾਰਨ ਲੋਕਾਂ ਦਾ ਭਰੋਸਾ ਪਾਰਟੀ ਤੇ ਹੋਰ ਮਜ਼ਬੂਤ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ 2027 ਵਿੱਚ ਵੀ ਭਗਵੰਤ ਸਿੰਘ ਮਾਨ ਦੀ ਅਗਵਾਈ ਨੂੰ ਹੀ ਆਪਣਾ ਸਮਰਥਨ ਦੇਣਗੇ ਅਤੇ ਵਿਰੋਧੀਆਂ ਦੀਆਂ ਸਾਰੀਆਂ ਸਾਜ਼ਿਸ਼ਾਂ ਨਾਕਾਮ ਸਾਬਤ ਕਰ ਦੇਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅਗਰਵਾਲ ਧਰਮਸ਼ਾਲਾ ਦੀ ਕਾਇਆ ਕਲਪ ਦਾ ਨੀਂਹ ਪੱਥਰ ਰੱਖਿਆ

# ਪ੍ਰੋਜੈਕਟ ਉੱਤੇ ਖਰਚੇ ਜਾਣਗੇ 25 ਲੱਖ ਰੁਪਏ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸੰਗਰੂਰ ਸ਼ਹਿਰ ਦੇ ਵਾਰਡ ਨੰਬਰ 11 ਵਿੱਚ ਸਥਿਤ ਅਗਰਵਾਲ ਧਰਮਸ਼ਾਲਾ ਦੀ ਕਾਇਆ ਕਲਪ ਲਈ 25.00 ਲੱਖ ਰੁਪਏ ਦੀ ਲਾਗਤ ਨਾਲ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਰੱਖਿਆ ਗਿਆ।ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਅਤੇ ਸਮਾਜਿਕ ਸੰਸਥਾਵਾਂ ਦੀ ਮਜ਼ਬੂਤੀ ਲਈ ਲਗਾਤਾਰ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਅਗਰਵਾਲ ਧਰਮਸ਼ਾਲਾ ਵਰਗੀਆਂ ਥਾਵਾਂ ਸਮਾਜਕ ਏਕਤਾ ਅਤੇ ਸੇਵਾ ਦੇ ਕੇਂਦਰ ਹਨ, ਜਿਨ੍ਹਾਂ ਦੀ ਸੰਭਾਲ ਅਤੇ ਸੁਧਾਰ ਲਈ ਸਰਕਾਰ ਹਰ ਸੰਭਵ ਸਹਿਯੋਗ ਦੇ ਰਹੀ ਹੈ। ਹਲਕਾ ਵਿਧਾਇਕ ਨੇ ਕਿਹਾ ਕਿ ਇਸ ਕੰਮ ਨਾਲ ਧਰਮਸ਼ਾਲਾ ਵਿੱਚ ਆਉਣ ਵਾਲੇ ਸ਼ਰਧਾਲੂਆਂ, ਸਮਾਜਿਕ ਸਮਾਗਮਾਂ ਅਤੇ ਹੋਰ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲਣਗੀਆਂ। ਉਨ੍ਹਾਂ ਇਹ ਵੀ ਕਿਹਾ ਕਿ ਸੰਗਰੂਰ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਯਤਨ ਜਾਰੀ ਹਨ ਅਤੇ ਸ਼ਹਿਰ ਦੇ ਹਰ ਵਾਰਡ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ।ਇਸ ਮੌਕੇ ਪ੍ਰਧਾਨ ਬਦਰੀ ਜਿੰਦਲ, ਜਨਰਲ ਸਕੱਤਰ ਸ਼ੀਸ਼ਨ ਗਰਗ, ਖਜ਼ਾਨਚੀ ਅਭਿਮਨੂੰ ਜਿੰਦਲ, ਪ੍ਰੋਜੈਕਟ ਚੇਅਰਮੈਨ ਗੋਪਾਲ ਦਾਸ ਗੋਇਲ ਅਤੇ ਹਰਿ ਓਮ ਜਿੰਦਲ ਨੇ ਵਿਧਾਇਕ ਨਰਿੰਦਰ ਕੌਰ ਭਰਾਜ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਵਿਕਾਸ ਕਾਰਜ ਨਾਲ ਧਰਮਸ਼ਾਲਾ ਦੀ ਬਿਹਤਰੀ ਹੋਵੇਗੀ ਅਤੇ ਸਮਾਜ ਨੂੰ ਲੰਮੇ ਸਮੇਂ ਤੱਕ ਇਸ ਦਾ ਲਾਭ ਮਿਲੇਗਾ। ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਪ੍ਰਧਾਨ ਸੁਖਵਿੰਦਰ ਸਿੰਘ ਮਾਨ, ਪੰਕਜ ਗਰਗ, ਪ੍ਰਧਾਨ ਭੁਪਿੰਦਰ ਸਿੰਘ, ਐਮ ਸੀ ਹਰਮਨ ਕੌਰ, ਐਮ ਸੀ ਕ੍ਰਿਸ਼ਨ ਲਾਲ ਵਿੱਕੀ, ਪੂਰਨ ਚੰਦ ਅਰੋੜਾ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਵੀ ਮੌਜੂਦ ਸਨ।

### ਫਿਰੋਜ਼ਪੁਰ ਦੀਆਂ ਪੰਥਕ ਜੱਥੇਬੰਦੀਆਂ ਸਾਰਾਗੜ੍ਹੀ ਗੁਰਦੁਆਰਾ ਵਿਖੇ ਹੋਈਆਂ ਇਕੱਤਰ

# ਸਿੱਖਾਂ ਨਾਲ ਹੋ ਰਹੀਆਂ ਜ਼ਿਆਦਤੀਆਂ 'ਤੇ ਗੰਭੀਰ ਚਿੰਤਾ ਦਾ ਪ੍ਰਗਟਾਵਾ



**ਫਿਰੋਜ਼ਪੁਰ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਫਿਰੋਜ਼ਪੁਰ ਦੀਆਂ ਵੱਖ-ਵੱਖ ਪੰਥਕ ਜੱਥੇਬੰਦੀਆਂ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਵਿਖੇ ਇਕੱਤਰ ਹੋਈਆਂ। ਮੀਟਿੰਗ ਦੌਰਾਨ ਉਤਰਾਖੰਡ, ਹਿਮਾਚਲ ਪ੍ਰਦੇਸ਼, ਮਹਾਰਾਸ਼ਟਰ ਅਤੇ ਹੋਰ ਸੂਬਿਆਂ ਵਿੱਚ ਸਿੱਖਾਂ ਨਾਲ ਵਾਪਰ ਰਹੀਆਂ ਘਟਨਾਵਾਂ 'ਤੇ ਗੰਭੀਰ ਚਿੰਤਾ ਅਤੇ ਅਫ਼ਸੋਸ ਪ੍ਰਗਟ ਕੀਤਾ ਗਿਆ। ਜੱਥੇਬੰਦੀਆਂ ਨੇ ਕਿਹਾ ਕਿ ਕਈ ਥਾਵਾਂ 'ਤੇ ਸਿੱਖਾਂ ਨੂੰ ਕਿਰਪਾਨ ਬਣਾਉਣ, ਆਪਣੇ ਕੋਲ ਰੱਖਣ ਅਤੇ ਧਾਰਨ ਕਰਨ ਤੋਂ ਰੋਕਣ ਜਾਂ ਕਿਰਪਾਨ ਉਤਾਰਨ ਲਈ ਮਜਬੂਰ ਕਰਨ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਇਸ ਤੋਂ ਇਲਾਵਾ ਸਿੱਖਾਂ ਦੀਆਂ ਗੱਡੀਆਂ ਅਤੇ ਮੋਟਰਸਾਈਕਲਾਂ 'ਤੇ ਲੱਗੇ ਨਿਸ਼ਾਨ ਸਾਹਿਬ ਨੂੰ ਵੀ ਲੁਹਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਸਿੱਖ ਸ਼ਰਧਾਲੂਆਂ ਨਾਲ ਵੀ ਕਈ ਥਾਵਾਂ 'ਤੇ ਬਦਸਲੂਕੀ ਹੋਣ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਹਨ, ਜੋ ਬਹੁਤ ਹੀ ਚਿੰਤਾਜਨਕ ਹਨ। ਆਗੂਆਂ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਵੱਲੋਂ ਸਿੱਖਾਂ ਨੂੰ ਆਪਣੇ ਧਾਰਮਿਕ ਵਿਸ਼ਵਾਸ ਅਨੁਸਾਰ ਕਿਰਪਾਨ ਧਾਰਨ ਕਰਨ ਦਾ ਅਧਿਕਾਰ ਪ੍ਰਾਪਤ ਹੈ। ਇਸ ਲਈ ਸਿੱਖਾਂ ਦੇ ਧਾਰਮਿਕ ਚਿੰਨ੍ਹਾਂ ਅਤੇ ਮੂਲ ਅਧਿਕਾਰਾਂ ਵਿੱਚ ਦਖ਼ਲਅੰਦਾਜ਼ੀ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਜੱਥੇਬੰਦੀਆਂ ਨੇ ਕੇਂਦਰ ਅਤੇ ਸੰਬੰਧਿਤ ਸੂਬਾ ਸਰਕਾਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਅਜਿਹੀਆਂ ਘਟਨਾਵਾਂ ਨੂੰ ਤੁਰੰਤ ਨਾ ਰੋਕਿਆ ਗਿਆ ਅਤੇ ਦੋਸ਼ੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਨਾ ਕੀਤੀ ਗਈ ਤਾਂ ਸਿੱਖ ਕੌਮ ਨੂੰ ਵੱਡੇ ਅਤੇ ਤਿੱਖੇ ਸੰਘਰਸ਼ੀ ਕਦਮ ਚੁੱਕਣ ਲਈ ਮਜਬੂਰ ਹੋਣਾ ਪਵੇਗਾ। ਇਸ ਦੀ ਪੂਰੀ ਜ਼ਿੰਮੇਵਾਰੀ ਸੰਬੰਧਿਤ ਸੂਬਾ ਸਰਕਾਰਾਂ ਅਤੇ ਪ੍ਰਸ਼ਾਸਨ ਦੀ ਹੋਵੇਗੀ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ 24 ਜੂਨ 2026 ਨੂੰ ਸਵੇਰੇ 10:00 ਵਜੇ ਫਿਰੋਜ਼ਪੁਰ ਦੀਆਂ ਸਮੂਹ ਸੰਗਤਾਂ, ਪੰਥਕ ਜੱਥੇਬੰਦੀਆਂ ਅਤੇ ਕਿਸਾਨ ਜੱਥੇਬੰਦੀਆਂ ਖਾਲਸਾ ਗੁਰਦੁਆਰਾ, ਫਿਰੋਜ਼ਪੁਰ ਛਾਉਣੀ ਵਿਖੇ ਵੱਡੀ ਗਿਣਤੀ ਵਿੱਚ ਇਕੱਤਰ ਹੋਣਗੀਆਂ। ਉੱਥੋਂ ਰੋਸ ਮਾਰਚ ਕਰਦਿਆਂ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਰਾਹੀਂ ਸੰਬੰਧਿਤ ਸੂਬਿਆਂ ਦੀਆਂ ਸਰਕਾਰਾਂ ਨੂੰ ਮੰਗ-ਪੱਤਰ ਭੇਜਿਆ ਜਾਵੇਗਾ ਅਤੇ ਸਿੱਖਾਂ ਨਾਲ ਹੋ ਰਹੀਆਂ ਜ਼ਿਆਦਤੀਆਂ ਨੂੰ ਤੁਰੰਤ ਰੋਕਣ ਦੀ ਮੰਗ ਕੀਤੀ ਜਾਵੇਗੀ। ਸਮੂਹ ਸੰਗਤਾਂ ਅਤੇ ਇਨਸਾਫ਼-ਪਸੰਦ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਇਸ ਰੋਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਸਿੱਖਾਂ ਦੇ ਧਾਰਮਿਕ ਅਧਿਕਾਰਾਂ ਦੀ ਰੱਖਿਆ ਲਈ ਆਪਣਾ ਯੋਗਦਾਨ ਪਾਉਣ। ਇਸ ਮੌਕੇ ਤੇ ਵੱਖ ਵੱਖ ਜੱਥੇਬੰਦੀਆਂ ਦੇ ਨੁਮਾਇੰਦਿਆਂ ਹਾਜ਼ਰੀ ਭਰੀ ਜਿੰਨਾ ਦੇ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਅਤੇ ਮੈਂਬਰ ਮੱਨੁਖੀ ਅਧਿਕਾਰ ਕਮਿਸ਼ਨ ਕੋਰ ਕਮੇਟੀ ਬਾਬਾ ਸਤਨਾਮ ਸਿੰਘ ਵਲੀਆਂ, ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਵੱਲੋਂ ਭਾਈ ਲਖਬੀਰ ਸਿੰਘ ਮੁਹਲੰਮ, ਅਕਾਲੀ ਦਲ ਪੁਨਰ ਸੁਰਜੀਤ ਤੋਂ ਡਾ ਮੁਖਤਿਆਰ ਸਿੰਘ , ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤੋਂ ਗੁਰਚਰਨ ਸਿੰਘ ਭੁੱਲਰ, ਬਾਬਾ ਬੁੱਢਾ ਸਾਹਿਬ ਗ੍ਰੰਥੀ ਪਾਠੀ ਸਭਾ ਤੋਂ ਕੁਲਵੰਤ ਸਿੰਘ , ਅਕਾਲੀ ਦਲ ਵਾਰਸ ਪੰਜਾਬ ਤੋਂ ਬਾਬਾ ਬਲਕਾਰ ਸਿੰਘ ਇਲਮੇਵਾਲਾ, ਏਕਨੂ ਖਾਲਸਾ ਫੌਜ ਹਿੰਮਤ ਸਿੰਘ ਸ਼ਕੂਰ, ਗੁਰਬਚਨ ਸਿੰਘ ਪ੍ਰਧਾਨ ਸੁਖਮਣੀ ਸੁਸਾਇਟੀ ਮੱਲਾਂ ਵਾਲਾ, ਮਹਿਤਾ ਫੈਡਰੇਸ਼ਨ ਤੋਂ ਕੁਲਦੀਪ ਸਿੰਘ ਨੱਢਾ ਅਤੇ ਮਿਸਲ ਸਤਲੁਜ ਤੋਂ ਜਰਨਲ ਸਕੱਤਰ ਮਾਨ ਸਿੰਘ ਕਿਲੀ ਆਦਿ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# 2027 ਪੰਜਾਬ ਦੇ ਲੋਕ ਮਾਨ ਸਰਕਾਰ ਦੇ ਕੀਤੇ ਕੰਮਾਂ ਤੇ ਮੋਹਰ ਲਾਉਣਗੇ, ਚੇਅਰਮੈਨ ਘੁੱਲੀ, ਡਾਕਟਰ ਅਨਵਰ ਭਸੌੜ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਅਤੇ ਸਰਕਾਰ ਵੱਲੋਂ ਕੀਤੇ ਗਏ ਲੋਕ ਭਲਾਈ ਕੰਮਾਂ ਨੂੰ ਲੈ ਕੇ ਪਿੰਡਾਂ ਵਿੱਚ ਲੋਕ ਮਿਲਣੀ ਪ੍ਰੋਗਰਾਮ ਦਾ ਯੋਜਨ ਕੀਤਾ ਗਿਆ ਹੈ ਇਸ ਹੀ ਤਹਿਤ ਹਲਕਾ ਧੂਰੀ ਦੇ ਪਿੰਡ ਦੁਗਨੀ ਦੇ ਸਰਪੰਚ ਅਸਗਰ ਖਾਂ ਗੋਗਾ ਦੀ ਅਗਵਾਈ ਦੇ ਹੇਠ ਇੱਕ ਨੁੱਕੜ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੁੱਖ ਮੰਤਰੀ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਨੁੱਕੜ ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਘੁੱਲੀ ਅਤੇ ਡਾਕਟਰ ਅਨਵਰ ਭਸੌੜ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਜੋ ਕੰਮ ਸਾਢੇ ਚਾਰ ਸਾਲਾਂ ਦੇ ਵਿੱਚ ਕੀਤੇ ਹਨ ਪਿਛਲੀਆਂ ਸਰਕਾਰਾਂ ਨੇ 70 ਸਾਲਾਂ ਵਿੱਚ ਵੀ ਨਹੀਂ ਕਰ ਸਕੀਆਂ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਭਗਵੰਤ ਸਿੰਘ ਮਾਨ ਨੂੰ ਦੁਬਾਰਾ 2027 ਦੇ ਵਿੱਚ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ।ਇਸ ਮੌਕੇ ਜਾਕਰ ਹੁਸੈਨ ,ਕਰਮਾਨ ਖਾਨ, ਰਸਦ ਖਾਨ, ਲਿਆਕਤ ਅਲੀ, ਗੁਫਾਰ ਮੁਹੰਮਦ, ਸਦੀਕ ਖਾਨ, ਹਨੀਫ ਖਾਨ ਸਾਰੇ ਮੈਂਬਰ ਪੰਚਾਇਤ, ਨੰਬਰਦਾਰ ਨਦੀਮ ਖਾਨ ,ਆਪ ਆਗੂ ਮੁਮਤਾਜ ਅਲੀ, ਆਪ ਆਗੂ ਅਜਗਰ ਖਾਨ, ਆਪ ਆਗੂ ਫਿਰੋਜ਼ ਖਾਨ, ਆਪ ਆਗੂ ਉੱਘੇ ਸਮਾਜ ਸੇਵੀ ਨੌਜਵਾਨਾਂ ਦੀ ਧੜਕਨ ਆਰਿਫ ਖਾਨ , ਆਪ ਆਗੂ ਤਾਰਕ ਖਾਨ ਆਪ, ਆਗੂ ਸਮਸਾਦ ਖਾਨ ਹਾਜ਼ਰ ਸਨ।

# ਪੱਲਸ ਪੋਲੀਓ ਰਾਓਂਡ ਲਈ ਜਿਲਾ ਟਾਸਕ ਫੋਰਸ ਦੀ ਕੀਤੀ ਮੀਟਿੰਗ




**ਚੌਕ ਮਹਿਤਾ,22 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਸਿਹਤ ਵਿਭਾਗ ਅੰਮ੍ਰਿਤਸਰ ਵਲੋ ਡਿਪਟੀ ਕਮਿਸ਼ਨਰ ਸ੍ਰ ਦਲਵਿੰਦਰਜੀਤ ਸਿੰਘ ਜੀ ਦੇ ਹੁਕਮਾਂ ਅਨੁਸਾਰ, ਡੀ.ਆਰ.ਓ. ਸ੍ਰ ਮਨਕੀਰਤ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਅਤੇ ਸਿਵਿਲ ਸਰਜਨ ਡਾ ਰਸ਼ਮੀ ਵਿੱਜ ਦੀ ਅਗਵਾਈ ਹੇਠ ਵਿਸ਼ਵ ਸਿਹਤ ਸੰਗਠਨ ਵਲੋਂ ਚਲਾਏ ਜਾ ਰਹੇ ਪਲੱਸ ਪੋਲਿਓ ਰਾਉਂਡ ਸਬੰਧੀਂ ਜਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਜਿਲ੍ਹਾ ਕੰਪਲੈਕਸ ਅਮ੍ਰਿਤਸਰ ਵਿਖੇ ਕੀਤੀ ਗਈ। ਇਸ ਮੌਕੇ ਤੇ ਡਾ ਰਸਮੀ ਵਿੱਜ ਨੇ ਦੱਸਿਆ ਕਿ ਇਹ ਪਲੱਸ ਪੋਲਿਓ ਰਾਊਂਡ ਮਿਤੀ 28,29 ਅਤੇ 30 ਜੂਨ 2026 ਨੂੰ ਕੀਤਾ ਜਾ ਰਿਹਾ ਹੈ। ਇਸ ਦੀ ਕਾਮਯਾਬੀ ਲਈ ਸਾਰੇ ਵਿਭਾਗਾਂ ਦੇ ਸਹਿਯੋਗ ਦੀ ਸਖ਼ਤ ਲੋੜ ਹੈ। ਜਿੰਨਾ ਵਿਚ ਜਿਲ੍ਹਾ ਪ੍ਰੀਸ਼ਦ ਮੈਡੀਕਲ ਅਫ਼ਸਰ, ਆਂਗਣਵਾੜੀ ਜਾ ਆਈ.ਸੀ.ਡੀ.ਐਸ ਵਿਭਾਗ, ਬਿਜਲੀ ਵਿਭਾਗ, ਸਿੱਖਿਆ ਵਿਭਾਗ, ਨਰਸਿੰਗ ਕਾਲਜ, ਆਈ.ਐਮ.ਏ., ਪੰਚਾਇਤੀ ਵਿਭਾਗ, ਰੋਡਵੇਜ ਅਤੇ ਪਲਿਸ ਵਿਭਾਗ ਆਦਿ ਸ਼ਾਮਲ ਹਨ। ਇਸ ਮੌਕੇ ਡਾ ਰਸ਼ਮੀ ਵਿੱਜ ਨੇ ਕਿਹਾ ਕਿ ਬੇਸ਼ਕ ਭਾਰਤ ਪੋਲਿਓ ਮੁਕਤ ਦੇਸ਼ਾ ਦੀ ਗਿਣਤੀ ਵਿਚ ਆ ਚੁੱਕਾ ਹੈ, ਪਰ ਫਿਰ ਵੀ ਇਸ ਮੁਕਾਮ ਨੂੰ ਬਰਕਰਾਰ ਰੱਖਣ ਲਈ ਵਿਸ਼ਵ ਸਿਹਤ ਸੰਗਠਨ ਵਲੋ ਇਹ ਰਾਊਡ ਚਲਾਏ ਜਾ ਰਹੇ ਹਨ ਉਨਾ ਨੇ ਕਿਹਾ ਪੋਲੀਓ ਵਰਗੀ ਲਾ-ਇਲਾਜ ਬਿਮਾਰੀ ਨਾਲ ਨਜਿਠਣ ਲਈ ਇਕਲੇ ਸਿਹਤ ਵਿਭਾਗ ਨੂੰ ਹੀ ਕਮਰਬੰਦ ਹੋਣ ਦੇ ਨਾਲ ਬਾਕੀ ਵਿਭਾਗਾਂ ਦੇ ਸਹਿਯੋਗ ਦੀ ਉਨੀ ਹੀ ਲੋੜ ਹੈ। ਇਸ ਆਓਣ ਵਾਲੇ ਰਾਊਡ ਲਈ ਸਿਹਤ ਵਿਭਾਗ ਵਲੋ ਮੁਕੰਮਲ ਤੋਰ ਤੇ ਤਿਆਰੀ ਕਰ ਲਈ ਗਈ ਹੈ। ਉਨਾਂ ਆਏ ਹੋਏ ਸਮੂਹ ਸੀਨੀਅਰ ਮੈਡੀਕਲ ਅਫਸਰ ਅਤੇ ਸ਼ਹਿਰੀ ਮੈਡੀਕਲ ਅਫਸਰਾ ਨੂੰ ਹਦਾਇਤ ਕੀਤੀ ਕਿ ਇਸ ਰਾਊਡ ਵਿਚ ਨਵ-ਜਨਮੇ ਬੱਚੇ ਤੋ ਲੈਕੇ 5 ਸਾਲ ਤੱਕ ਦਾ ਕੋਈ ਵੀ ਬੱਚਾ ਜੀਵਨ ਰੂਪੀ ਪੌਲੀਓ ਦੀਆ 2 ਬੂੰਦਾਂ ਤੋ ਵਾਂਝਾ ਨਹੀ ਰਹਿਣਾ ਚਾਹੀਦਾ। ਇਸ ਰਾਊਡ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਦੀ ਲੱਗਭਗ 276349 ਅਬਾਦੀ ਦੇ 544777 ਘਰਾਂ ਵਿੱਚ ਰਹਿੰਦੇ 0 ਤੋ 5 ਸਾਲ ਦੇ 287498 ਬੱਚਿਆ ਨੂੰ 1193 ਬੂਥ ਅਤੇ 2386 ਟੀਮਾਂ ਵਲੋ ਪੋਲੀਓ ਦੀਆਂ 2 ਬੂੰਦਾਂ ਪਿਲਾਈਆ ਜਾਣਗੀਆ ਅਤੇ 255 ਸੁਪਰਵਾਈਜਰਾ ਵਲੋ ਇਨਾਂ ਦਾ ਨਿਰੀਖਣ ਕੀਤਾ ਜਾਵੇਗਾ। ਇਸ ਮੌਕੇ ਬੀ.ਸੀ.ਜੀ. ਅਫ਼ਸਰ ਡਾ ਮਨਮੀਤ ਕੌਰ, ਡਾ ਵਨੀਤ ਕੌਰ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਸਮੂਹ ਸਨੀਅਰ ਮੈਡੀਕਲ ਅਫਸਰ ਅਤੇ ਅਰਬਨ ਮੈਡੀਕਲ ਅਫਸਰ ਹਾਜਰ ਸਨ।

# ਗੁਰਦੁਆਰਾ ਅਜੈ ਐਨਕਲੇਵ ਵਿੱਚ ਸਰਬਸੰਮਤੀ ਨਾਲ ਪ੍ਰਧਾਨ ਦੀ ਹੋਈ ਚੋਣ



**ਨਵੀਂ ਦਿੱਲੀ, 22 ਜੂਨ (ਮਨਪ੍ਰੀਤ ਸਿੰਘ ਖਾਲਸਾ):** ਆਮ ਤੌਰ 'ਤੇ ਹਰ ਗੁਰਦੁਆਰਾ ਸਾਹਿਬ ਵਿੱਚ ਚੋਣਾਂ ਰਾਹੀਂ ਪ੍ਰਧਾਨ ਸਮੇਤ ਹੋਰ ਅਹੁਦੇਦਾਰਾਂ ਦੀ ਚੋਣ ਕੀਤੀ ਜਾਂਦੀ ਹੈ, ਪਰ ਦਿੱਲੀ ਦੇ ਅਜੈ ਐਨਕਲੇਵ ਦੀ ਸੰਗਤ ਨੇ ਬਿਨਾਂ ਚੋਣਾਂ ਕਰਵਾਏ ਸਰਬਸੰਮਤੀ ਨਾਲ ਸਰਦਾਰ ਗੁਰਮੀਤ ਸਿੰਘ ਬਖ਼ਸ਼ੀ ਨੂੰ ਪ੍ਰਧਾਨ ਚੁਣ ਲਿਆ ਹੈ। ਜਲਦ ਹੀ ਗੁਰਮੀਤ ਸਿੰਘ ਬਖ਼ਸ਼ੀ ਆਪਣੀ ਟੀਮ ਦਾ ਗਠਨ ਕਰਨਗੇ। ਗੁਰਦੁਆਰਾ ਸਾਹਿਬ ਦੇ ਸਾਬਕਾ ਪ੍ਰਧਾਨ ਅਜੀਤਪਾਲ ਸਿੰਘ ਬਿੰਦਰਾ, ਯੋਗਿੰਦਰ ਸਿੰਘ ਮਹਿੰਦਰਾ ਅਤੇ ਹੋਰ ਕਮੇਟੀ ਮੈਂਬਰਾਂ ਨੇ ਸਰਦਾਰ ਬਖ਼ਸ਼ੀ ਨੂੰ ਪ੍ਰਧਾਨ ਚੁਣੇ ਜਾਣ 'ਤੇ ਵਧਾਈ ਦਿੱਤੀ। ਸਰਦਾਰ ਗੁਰਮੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਸਰਦਾਰ ਸੁੰਦਰ ਸਿੰਘ ਬਖ਼ਸ਼ੀ ਵੀ ਲੰਬੇ ਸਮੇਂ ਤੱਕ ਇਸ ਗੁਰਦੁਆਰਾ ਸਾਹਿਬ ਦੀ ਸੇਵਾ ਨਿਭਾ ਚੁੱਕੇ ਹਨ ਅਤੇ ਉਹ ਖੁਦ ਵੀ ਪਹਿਲਾਂ ਤੋਂ ਸੇਵਾ ਕਰਦੇ ਆ ਰਹੇ ਹਨ। ਗੁਰਦੁਆਰਾ ਸਾਹਿਬ ਦੀ ਇਮਾਰਤ ਵੀ ਉਨ੍ਹਾਂ ਦੇ ਕਾਰਜਕਾਲ ਦੌਰਾਨ ਹੀ ਬਣਾਈ ਗਈ ਸੀ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਸੰਗਤ ਨੇ ਜੋ ਸੇਵਾ ਉਨ੍ਹਾਂ ਨੂੰ ਸੌਂਪੀ ਹੈ, ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਆਪਣੀ ਟੀਮ ਵਿੱਚ ਵੀ ਬਿਨਾਂ ਕਿਸੇ ਪੱਖਪਾਤ ਦੇ ਅਹੁਦੇਦਾਰਾਂ ਦੀ ਚੋਣ ਕਰਨਗੇ।

ਦਿੱਲੀ ਕਮੇਟੀ ਦੇ ਗੁਰਮਤਿ ਕੈਂਪਾਂ ਦੀ ਸਮਾਪਤੀ ਮੌਕੇ

# ਵਿਦਿਆਰਥੀਆਂ ਨੇ ਰਾਗਾਂ ਵਿੱਚ ਕੀਰਤਨ ਤੇ ਗੁਰਬਾਣੀ ਕੰਠ ਕਰਕੇ ਸੰਗਤਾਂ ਦੇ ਮਨ ਮੋਹੇ



**ਨਵੀਂ ਦਿੱਲੀ, 22 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗਰਮੀ ਦੀਆਂ ਛੁੱਟੀਆਂ ਦੌਰਾਨ ਲਗਾਏ ਗਏ ਗੁਰਮਤਿ ਕੈਂਪਾਂ ਦੀ ਸਮਾਪਤੀ ਸਮਾਗਮ ਵਿੱਚ ਵਿਦਿਆਰਥੀਆਂ ਨੇ ਰਾਗਾਂ ਵਿੱਚ ਗੁਰਬਾਣੀ ਦਾ ਕੀਰਤਨ ਅਤੇ ਬਾਣੀਆਂ ਕੰਠ ਕਰਕੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਕੈਂਪਾਂ ਵਿੱਚ ਸਿੱਖੇ ਬੱਚੇ ਅਤੇ ਵਾਲੰਟੀਅਰ ਗੁਰਮਤਿ ਦੇ ਪ੍ਰਚਾਰ ਲਈ ਬ੍ਰਾਂਡ ਅੰਬੈਸਡਰ ਵਜੋਂ ਕੰਮ ਕਰਨਗੇ ਅਤੇ ਘਰ-ਘਰ ਗੁਰਬਾਣੀ ਤੇ ਗੁਰਸਿੱਖੀ ਦਾ ਸੰਦੇਸ਼ ਪਹੁੰਚਾਉਣਗੇ।ਉਨ੍ਹਾਂ ਕਿਹਾ ਕਿ ਕਮੇਟੀ ਦਾ ਮਕਸਦ ਹਰ ਬੱਚੇ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਗੁਰਸਿੱਖੀ ਜੀਵਨ ਨਾਲ ਜੋੜਨਾ ਹੈ ਤਾਂ ਜੋ ਨਵੀਂ ਪੀੜ੍ਹੀ ਆਪਣੇ ਧਾਰਮਿਕ ਵਿਰਸੇ ਨਾਲ ਮਜ਼ਬੂਤੀ ਨਾਲ ਜੁੜ ਸਕੇ। ਉਨ੍ਹਾਂ ਦੱਸਿਆ ਕਿ ਬੱਚਿਆਂ ਨੂੰ ਇਨਾਮਾਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਜਾਵੇਗਾ ਅਤੇ ਅਗਲੇ ਸਾਲ ਹੋਰ ਵੱਧ ਬੱਚਿਆਂ ਨੂੰ ਕੈਂਪਾਂ ਨਾਲ ਜੋੜਨ ਦਾ ਯਤਨ ਕੀਤਾ ਜਾਵੇਗਾ। ਇਸ ਸਾਲ 20 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਦੀ ਸ਼ਮੂਲੀਅਤ ਨਾਲ ਇਹ ਕੈਂਪ ਇੱਕ ਨਵਾਂ ਰਿਕਾਰਡ ਸਾਬਤ ਹੋਏ।

ਕਰਣਪ੍ਰਯਾਗ ਕਾਂਡ: ਨਿਹੰਗ ਸਿੰਘਾਂ ਦੇ ਹੱਕ ’ਚ ਡਟੇ ਸਰਨਾ

# ਧਾਮੀ ਸਰਕਾਰ ਨੂੰ ਸੌਂਪਿਆ 5 ਨੁਕਤੀ ਮੈਮੋਰੈਂਡਮ; ਇਨਸਾਫ਼ ਦੀ ਕੀਤੀ ਮੰਗ



**ਨਵੀਂ ਦਿੱਲੀ, 22 ਜੂਨ (ਮਨਪ੍ਰੀਤ ਸਿੰਘ ਖਾਲਸਾ)**- ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਤੋਂ ਪਰਤ ਰਹੇ ਨਿਹੰਗ ਸਿੰਘਾਂ ਨਾਲ ਕਰਣਪ੍ਰਯਾਗ ਵਿਖੇ ਹੋਈ ਕੁੱਟਮਾਰ ਅਤੇ ਉਸ ਤੋਂ ਬਾਅਦ ਪੁਲਿਸ ਵੱਲੋਂ ਕੀਤੀ ਕਾਰਵਾਈ ਖ਼ਿਲਾਫ਼ ਸਿੱਖ ਪੰਥ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਅੱਜ ਵੱਡੀ ਗਿਣਤੀ ਵਿੱਚ ਪਾਰਟੀ ਆਗੂਆਂ ਅਤੇ ਕਾਰਕੁਨਾਂ ਨਾਲ ਉੱਤਰਾਖੰਡ ਦੇ ਰੈਜ਼ੀਡੈਂਟ ਕਮਿਸ਼ਨਰ ਅਜੈ ਮਿਸ਼ਰਾ ਨਾਲ ਮੁਲਾਕਾਤ ਕਰਕੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਦੇ ਨਾਮ ਮੈਮੋਰੈਂਡਮ ਸੌਂਪਿਆ। ਮੈਮੋਰੈਂਡਮ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਕਰਣਪ੍ਰਯਾਗ ਘਟਨਾ ਦੌਰਾਨ ਨਿਹੰਗ ਸਿੰਘਾਂ ਨੇ ਆਪਣੀ ਸਵੈ-ਰੱਖਿਆ ਲਈ ਸ਼ਸਤਰਾਂ ਦੀ ਵਰਤੋਂ ਕੀਤੀ ਸੀ, ਪਰ ਪੁਲਿਸ ਨੇ ਪਹਿਲਾਂ ਮਾਮਲਾ ਆਪਸੀ ਸਹਿਮਤੀ ਨਾਲ ਸੁਲਝਾਉਣ ਦਾ ਭਰੋਸਾ ਦੇਣ ਦੇ ਬਾਵਜੂਦ ਉਨ੍ਹਾਂ ’ਤੇ ਗੰਭੀਰ ਧਾਰਾਵਾਂ ਲਗਾ ਕੇ ਭਾਰੀ ਤਸ਼ੱਦਦ ਕੀਤਾ ਅਤੇ ਜੇਲ੍ਹ ਭੇਜ ਦਿੱਤਾ। ਸਰਨਾ ਨੇ ਪੱਤਰ ਵਿੱਚ ਕਿਹਾ ਕਿ ਸਿੱਖ ਸ਼ਰਧਾਲੂਆਂ ਨਾਲ ਕਥਿਤ ਪੁਲਿਸ ਜ਼ਿਆਦਤੀਆਂ, ਜਨਤਕ ਬੇਇੱਜ਼ਤੀ ਅਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਵਰਤਾਅ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ, ਜਿਨ੍ਹਾਂ ਦੀ ਤੁਰੰਤ ਅਤੇ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਇਹ ਵੀ ਜ਼ੋਰ ਦਿੱਤਾ ਕਿ ਕਿਰਪਾਨ ਸਿੱਖ ਧਰਮ ਦਾ ਪਵਿੱਤਰ ਅੰਗ ਹੈ ਅਤੇ ਸੰਵਿਧਾਨ ਵੱਲੋਂ ਸੁਰੱਖਿਅਤ ਹੈ।ਅਕਾਲੀ ਦਲ (ਦਿੱਲੀ ਇਕਾਈ) ਨੇ ਉੱਤਰਾਖੰਡ ਸਰਕਾਰ ਕੋਲ ਪੰਜ ਮੁੱਖ ਮੰਗਾਂ ਰੱਖੀਆਂ ਹਨ, ਜਿਨ੍ਹਾਂ ਵਿੱਚ ਦੋਸ਼ੀ ਪੁਲਿਸ ਮੁਲਾਜ਼ਮਾਂ ਦੀ ਉੱਚ ਪੱਧਰੀ ਜਾਂਚ, ਸਿੱਖ ਸ਼ਰਧਾਲੂਆਂ ਨਾਲ ਭੇਦਭਾਵ ਰੋਕਣ, ਧਾਰਮਿਕ ਚਿੰਨ੍ਹਾਂ ਬਾਰੇ ਪੁਲਿਸ ਨੂੰ ਹਦਾਇਤਾਂ ਜਾਰੀ ਕਰਨ ਅਤੇ ਹੇਮਕੁੰਟ ਸਾਹਿਬ ਯਾਤਰੀਆਂ ਲਈ ਵਿਸ਼ੇਸ਼ ਸ਼ਿਕਾਇਤ ਨਿਵਾਰਨ ਪ੍ਰਣਾਲੀ ਬਣਾਉਣ ਦੀ ਮੰਗ ਸ਼ਾਮਲ ਹੈ। ਮੁਲਾਕਾਤ ਦੌਰਾਨ ਰੈਜ਼ੀਡੈਂਟ ਕਮਿਸ਼ਨਰ ਅਜੈ ਮਿਸ਼ਰਾ ਨੇ ਪ੍ਰਤੀਨਿਧ ਮੰਡਲ ਦੀ ਗੱਲ ਧਿਆਨ ਨਾਲ ਸੁਣਦਿਆਂ ਭਰੋਸਾ ਦਿੱਤਾ ਕਿ ਇਹ ਮਾਮਲਾ ਮੁੱਖ ਮੰਤਰੀ ਅਤੇ ਡੀਜੀਪੀ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਅਤੇ ਦੋਸ਼ੀਆਂ ਖ਼ਿਲਾਫ਼ ਕਾਰਵਾਈ ਨਾਲ ਨਿਹੰਗ ਸਿੰਘਾਂ ਨੂੰ ਇਨਸਾਫ਼ ਦਿਵਾਉਣ ਲਈ ਯਤਨ ਕੀਤੇ ਜਾਣਗੇ। ਇਸ ਮੌਕੇ ਸਰਦਾਰ ਮੰਜੀਤ ਸਿੰਘ ਜੀਕੇ, ਸਰਦਾਰ ਪਰਮਜੀਤ ਸਿੰਘ ਰਾਣਾ, ਸਰਦਾਰ ਕਰਤਾਰ ਸਿੰਘ ਵਿਕੀ ਚਾਵਲਾ, ਪਾਰਟੀ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ, ਸਰਦਾਰ ਪਰਮਜੀਤ ਸਿੰਘ ਖੁਰਾਣਾ, ਸਰਦਾਰ ਤਜਿੰਦਰ ਸਿੰਘ ਗੋਪਾ, ਸਰਦਾਰ ਸਤਨਾਮ ਸਿੰਘ ਖੀਵਾ ਸਮੇਤ ਵਡੀ ਗਿਣਤੀ ਵਿਚ ਪਾਰਟੀ ਮੈਂਬਰ ਅਤੇ ਕਾਰਕੁਨ ਹਾਜਿਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪਿੰਡ ਬਾਲੀਆਂ ਅਤੇ ਬਟੂਹਾ ਵਿਖੇ ਕਰਵਾਇਆ “ਲੋਕ ਮਿਲਣੀ” ਪ੍ਰੋਗਰਾਮ


## ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਕਰਵਾਏ ਵਿਕਾਸ ਕਾਰਜਾਂ ਨੇ ਹਲਕੇ ਦੀ ਨੁਹਾਰ ਬਦਲੀ: ਚੇਅਰਮੈਨ ਦਲਵੀਰ ਸਿੰਘ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਪਿੰਡ ਬਾਲੀਆਂ ਅਤੇ ਬਟੂਹਾ ਵਿਖੇ “ਲੋਕ ਮਿਲਣੀ” ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸੰਬੋਧਨ ਕਰਦਿਆਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ ਵਿਕਾਸ ਅਤੇ ਲੋਕ ਭਲਾਈ ਦੇ ਖੇਤਰ ਵਿੱਚ ਇਤਿਹਾਸਕ ਕੰਮ ਕੀਤੇ ਹਨ, ਜਿਸ ਨਾਲ ਹਲਕੇ ਦੀ ਨੁਹਾਰ ਵਿੱਚ ਵੱਡਾ ਬਦਲਾਅ ਆਇਆ ਹੈ।ਉਨ੍ਹਾਂ ਕਿਹਾ ਕਿ ਸੜਕਾਂ, ਸਿੱਖਿਆ, ਸਿਹਤ, ਬਿਜਲੀ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਹੋਏ ਵਿਕਾਸ ਕਾਰਜਾਂ ਦਾ ਲਾਭ ਲੋਕਾਂ ਨੂੰ ਸਿੱਧੇ ਤੌਰ ’ਤੇ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਦਰਾਂ ਤੱਕ ਪਹੁੰਚ ਕੇ ਕੀਤਾ ਜਾ ਰਿਹਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਵੀ ਕੀਤੀ। ਇਸ ਮੌਕੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਕੁਲਦੀਪ ਸਿੰਘ ਸਰਪੰਚ ਬਾਲੀਆਂ, ਜਸਵੰਤ ਸਿੰਘ ਬਲਾਕ ਪ੍ਰਧਾਨ ਅਤੇ ਸਮੂਹ ਪਿੰਡ ਵਾਸੀ ਹਾਜ਼ਰ ਸਨ।

# ਮਾਂ ਪਿਓ ਜਿੰਦਗੀ ਦੇ ਹਰੇਕ ਪਲ ਦੀਆਂ ਅਨਮੋਲ ਖੁਸੀਆਂ ਬੱਚਿਆਂ ਤੋਂ ਕੁਰਬਾਨ ਕਰਦੇ

## ਮਾਵਾਂ ਠੰਡੀਆਂ ਛਾਵਾਂ ਪਿਤਾ ਹਵਾ ਦੇ ਬੁੱਲੇ ਹੁੰਦੇ-ਅਵਤਾਰ ਟੱਕਰ



**ਜੰਡਿਆਲਾ ਗੁਰੂ 22 ਜੂਨ ( ਕੁਲਵੰਤ ਸਿੰਘ ਵਿਰਦੀ )** ਬੀਤੇ ਦਿਨ ਪਿਤਾ ਦਿਵਸ ਤੇ ਅਵਤਾਰ ਸਿੰਘ ਟੱਕਰ ਜਾਣੀਆ ਨੇ ਪਿਤਾ ਦਿਵਸ ਤੇ ਆਪਣੇ ਵਿਚਾਰ ਸਾਂਝੇ ਕਰਦਿਆ ਹੋਇਆ ਦੱਸਿਆ ਕਿ ਮਾਵਾਂ ਠੰਡੀਆਂ ਛਾਵਾਂ ਅਤੇ ਪਿਤਾ ਹਵਾ ਦੇ ਬੁੱਲੇ ਹੁੰਦੇ ਹਨ ਟੱਕਰ ਨੇ ਕਿਹਾ ਕਿ ਮਾਂ ਆਪਣੇ ਪਿਆਰ ਮਮਤਾ ਅਤੇ ਤਿਆਗ ਨਾਲ ਬੱਚਿਆਂ ਨੂੰ ਹਰ ਦੁੱਖ ਤਕਲੀਫ ਤੋਂ ਬਚਾਉਦੀ ਹੈ ਤੇ ਪਿਤਾ ਹਵਾ ਦੇ ਉਸ ਠੰਡੇ ਜਵੀਨ ਨੂੰ ਸੁਖ਼ਦ ਅਤੇ ਆਰਾਮਦਾਇਕ ਬਣਾਈਂ ਰੱਖਦਾ ਹੈ ਉਹਨਾਂ ਕਿਹਾ ਕਿ ਪਿਤਾ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਦੇ ਹੋਏ ਪਰਿਵਾਰ ਦੀਆਂ ਲੋੜਾਂ ਪੂਰੀਆਂ ਕਰਦਾ ਹੈਂ ਅਤੇ ਬੱਚਿਆਂ ਦੇ ਸੁਨਹਿਰੇ ਭਵਿੱਖ ਲਈ ਹਰ ਸੰਭਵ ਯਤਨ ਕਰਦਾ ਹੈ ਅਵਤਾਰ ਸਿੰਘ ਟੱਕਰ ਨੇ ਆਪਣੇ ਪਿਤਾ ਜੀ ਨੂੰ ਯਾਦ ਕਰਦਿਆਂ ਕਿਹਾ ਕਿ ਮੇਰੇ ਪਿਤਾ ਜੀ ਨੂੰ ਇਸ ਦੁਨੀਆਂ ਤੋਂ ਗਿਆ ਨੂੰ 4 ਸਾਲ 6 ਦਿਨ ਹੋ ਗਏ ਹਨ ਅਤੇ ਅੱਜ ਵੀ ਹਰ ਦਿਨ ਹਰ ਪਲ ਪਿਤਾ ਜੀ ਦੀਆਂ ਯਾਦਾਂ ਵਿੱਚ ਬਤੀਤ ਹੁੰਦਾ ਹੈ ਅਤੇ ਬਚਪਨ ਵਿੱਚ ਪਿਤਾ ਜੀ ਦੇ ਮੋਢਿਆਂ ਤੇ ਚੜ੍ਹ ਖੇਡੀਆਂ ਗਈਆਂ ਖੇਡਾਂ ਜਿੰਦਗੀ ਦੇ ਹਰੇਕ ਪਲ ਵਿੱਚ ਯਾਦ ਆਉਂਦੀਆਂ ਹਨ ਅੱਗੇ ਉਨਾਂ ਨੇ ਨੌਜਵਾਨਾਂ ਨੂੰ ਅਪੀਲ ਕਰਦਿਆ ਹੋਇਆ ਕਿਹਾ ਕਿ ਮਾਤਾ ਪਿਤਾ ਜਿੰਦਗੀ ਦਾ ਉਹ ਅਨਮੋਲ ਹੀਰਾ ਹੈ ਜਿਸ ਦੀ ਸਾਨੂੰ ਕਦਰ ਕਰਨੀ ਚਾਹੀਦੀ ਅਤੇ ਮਾਤਾ ਪਿਤਾ ਦੀ ਸੇਵਾ ਕਰਕੇ ਆਪਣੇ ਰੱਬ ਮਾਂ ਪਿਓ ਨੂੰ ਖੁਸ਼ ਰੱਖਣਾ ਚਾਹੀਦਾ ਹੈ ਅਤੇ ਉਨਾਂ ਦੀਆਂ ਉਮੀਦਾਂ ਤੇ ਖਰੇ ਉਤਰ ਕਿ ਉਨਾਂ ਦੀ ਖੁਸ਼ੀ ਦੇ ਪਾਤਰ ਬਣਨਾ ਚਾਹੀਦਾ ਕਿਉਕਿ ਮਾਂ ਪਿਓ ਹੈ ਜੋ ਆਪਣੀ ਜਿੰਦਗੀ ਦੀ ਹਰ ਖੁਸ਼ੀ ਸਾਡੇ ਤੋਂ ਕੁਰਬਾਨ ਕਰਕੇ ਸਾਡੇ ਭਵਿੱਖ ਦੀ ਚਿੰਤਾ ਕਰਦੇ ਹਨ ਅਤੇ ਆਪਣੇ ਬੱਚਿਆਂ ਦੀ ਜਿੰਦਗੀ ਨੂੰ ਸੰਵਾਰਨ ਲਈ ਆਪਣੀ ਜਿੰਦਗੀ ਦੀ ਪੂੰਜੀ ਦਾ ਹਰ ਪਲ ਸਾਡੇ ਤੋਂ ਕੁਰਬਾਨ ਕਰਦੇ ਹਨ!

ਜਿੱਤ ਦੀ ਖੁਸ਼ੀ ਵਿੱਚ ਪੱਡਾ ਪਰਿਵਾਰ ਨੇ

# ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾ ਕੇ ਵਾਹਿਗੁਰੂ ਜੀ ਦਾ ਸ਼ੁਕਰਾਨਾ ਕੀਤਾ



**ਬਾਬਾ ਬਕਾਲਾ ਸਾਹਿਬ, 22 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਨਗਰ ਪੰਚਾਇਤ ਦੀਆਂ ਹੋਈਆਂ ਚੋਣਾਂ ਵਿੱਚ ਵਾਰਡ ਨੰਬਰ 10 ਤੋਂ ਚੋਣ ਜਿੱਤਣ ਵਾਲੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਬਲਾਕ ਪ੍ਰਧਾਨ ਸੁਖਦੇਵ ਸਿੰਘ ਪੱਡਾ ਦੇ ਪਰਿਵਾਰ ਵੱਲੋਂ ਅੱਜ ਰਈਆ ਸ਼ਹਿਰ ਦੇ ਮੁਹੱਲਾ ਲਾਇਲਪੁਰੀ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾ ਕੇ ਵਾਹਿਗੁਰੂ ਜੀ ਦਾ ਸ਼ੁਕਰਾਨਾ ਕੀਤਾ । ਜਿਸ ਵਿੱਚ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਨਗਰ ਪੰਚਾਇਤ ਰਈਆ ਦੇ ਸੰਭਾਵੀ ਪ੍ਰਧਾਨ ਸੰਜੀਵ ਭੰਡਾਰੀ ਵਿਸ਼ੇਸ਼ ਤੌਰ ਤੇ ਪੁੱਜੇ ਅਤੇ ਪੱਡਾ ਪਰਿਵਾਰ ਵੱਲੋਂ ਇਹਨਾਂ ਦੋਵਾਂ ਸ਼ਖ਼ਸ਼ੀਅਤਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ ।ਇਸ ਉਪਰੰਤ ਪਰਿਵਾਰ ਵੱਲੋਂ ਨਗਰ ਪੰਚਾਇਤ ਰਈਆ ਦੇ ਚੁਣੇ ਗਏ ਸਾਰੇ ਕੌਂਸਲਰਾਂ ਨੂੰ ਵੀ ਸਨਮਾਨਿਤ ਕੀਤਾ ਗਿਆ ।ਜਿਨਾਂ ਵਿੱਚ ਰਾਜਿੰਦਰ ਰਿਖੀ, ਜੋਤੀ ਸ਼ਰਮਾ, ਨੀਲਮ ਰਾਣੀ, ਅਮਰਵੀਰ ਸਿੰਘ ਆਜ਼ਾਦ, ਸੂਬੇਦਾਰ ਸਰਬਜੀਤ ਸਿੰਘ, ਵਿਸ਼ਾਲ ਮੰਨਣ, ਸਰਬਜੀਤ ਸਿੰਘ ਮਾਨ, ਜਗਤਾਰ ਸਿੰਘ ਬਿੱਲਾ ਤੋਂ ਇਲਾਵਾ ਗਗਨਦੀਪ ਸ਼ਰਮਾ, ਐਡਵੋਕੇਟ ਲੱਖਾ ਸਿੰਘ ਅਜਾਦ, ਸੁਖਵਿੰਦਰ ਸਿੰਘ ਮੱਤੇਵਾਲ, ਗੁਰਭੇਜ ਸਿੰਘ ਕੱਪੜੇ ਵਾਲੇ, ਸੁਰਿੰਦਰ ਕੁਮਾਰ ਆੜਤੀ ਸਮੇਤ ਇਲਾਕੇ ਦੇ ਕਈ ਪੰਚ ਅਤੇ ਸਰਪੰਚ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਰਈਆ ਨਗਰ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਅਤੇ ਰਈਆ ਨੂੰ ਵਿਕਾਸ ਦੀਆਂ ਬੁਲੰਦੀਆਂ ਤੇ ਪਹੁੰਚਾਇਆ ਜਾਵੇਗਾ। ਉਹਨਾਂ ਕਿਹਾ ਕਿ ਨਗਰ ਪੰਚਾਇਤ ਰਈਆ ਦੇ ਸਾਰੇ ਹੀ ਕੌਂਸਲਰ ਮਿਹਨਤੀ ਅਤੇ ਊਰਜਾਵਾਨ ਹਨ ਜੋ ਆਪਣੇ ਆਪਣੀਆਂ ਵਾਰਡਾਂ ਦੇ ਵਿੱਚ ਲੋਕਾਂ ਦਾ ਸੇਵਾ ਕਰ ਰਹੇ ਹਨ ।

ਅਕਾਲੀ ਦਲ ਵਾਰਿਸ ਪੰਜਾਬ ਦੇ ਇਸਤਰੀ ਵਿੰਗ ਮਾਤਾ ਬਲਵਿੰਦਰ ਕੌਰ ਜੀ ਦੀ ਅਗਵਾਈ ਵਿੱਚ

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ



**ਅੰਮ੍ਰਿਤਸਰ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਇਸਤਰੀ ਵਿੰਗ ਵੱਲੋਂ ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਜੀ ਬੀਬੀ ਬਲਵਿੰਦਰ ਕੌਰ ਜੀ ਦੀ ਅਗਵਾਈ ਹੇਠ ਵੱਡੇ ਜੱਥੇ ਦੇ ਰੂਪ ਵਿੱਚ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋ ਕੇ ਪੰਥ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਉਚੇਚੇ ਤੌਰ ਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ, ਸ੍ਰ ਮਨਪ੍ਰੀਤ ਸਿੰਘ ਇਆਲੀ ਅਤੇ ਹੋਰ ਸੀਨੀਅਰ ਅਹੁਦੇਦਾਰ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸਤਰੀ ਵਿੰਗ ਦੇ ਪੰਜਾਬ

## ਪੰਜਾਬ ਭਰ ਦੀਆਂ ਮਾਵਾਂ, ਭੈਣਾਂ ਅਤੇ ਧੀਆਂ ਨੂੰ ਪੰਥਕ ਲਹਿਰ ਨਾਲ ਜੋੜਨ ਲਈ ਕੀਤੇ ਜਾਣਗੇ ਵਿਸ਼ੇਸ਼ ਉਪਰਾਲੇ : ਹਰਪ੍ਰੀਤ ਕੌਰ ਫਿਲੌਰ



ਪ੍ਰਧਾਨ ਬੀਬੀ ਹਰਪ੍ਰੀਤ ਕੌਰ ਫਿਲੌਰ ਦੇ ਨਾਲ ਮੁੱਖ ਤੌਰ ਤੇ ਪਹੁੰਚੀਆਂ ਇਸਤਰੀ ਵਿੰਗ ਦੀਆ ਅਹੁੱਦੇਦਾਰਾਂ ਵਿੱਚ ਡਾ. ਰਾਜਿੰਦਰ ਕੌਰ, ਬੀਬੀ ਸੰਦੀਪ ਕੌਰ ਖਾਲਸਾ, ਬੀਬੀ ਅਮਨਦੀਪ ਕੌਰ, ਬੀਬੀ ਮਨਜੀਤ ਕੌਰ, ਬੀਬੀ ਬਲਰਾਜ ਕੌਰ, ਬੀਬੀ ਸਤਨਾਮ ਕੌਰ, ਬੀਬੀ ਸਾਜੀਆ ਪ੍ਰਵੀਨ, ਬੀਬੀ ਹਰਪ੍ਰੀਤ ਕੌਰ ਮੋਗਾ, ਬੀਬੀ ਦਵਿੰਦਰ ਕੌਰ, ਬੀਬੀ ਗੁਰਵਿੰਦਰ ਕੌਰ, ਬੀਬੀ ਮੀਤਾ ਵਰਮਾ, ਬੀਬੀ ਪਰਮਿੰਦਰ ਕੌਰ, ਬੀਬੀ ਸਤਵੰਤ ਕੌਰ ਤੁੜ, ਬੀਬੀ ਸਰਬਜੀਤ ਕੌਰ, ਬੀਬੀ ਹਰਮਨਜੀਤ ਕੌਰ, ਬੀਬੀ ਸਵਰਨ ਕੌਰ, ਬੀਬੀ ਰਾਜਵਿੰਦਰ ਕੌਰ ਛੇਹਰਟਾ, ਬੀਬੀ ਪ੍ਰਭਲੀਨ ਕੌਰ ਰੱਈਆ ਅਤੇ ਬੀਬੀ ਪਰਮਜੀਤ ਕੌਰ ਸਮੇਤ ਹੋਰ ਅਨੇਕਾਂ ਬੀਬੀਆਂ ਸ਼ਾਮਲ ਸਨ ਅਤੇ ਉਹਨਾ ਨੇ ਖੁਦ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਾਵਨ ਹਜ਼ੂਰੀ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਚੜ੍ਹਦੀ ਕਲਾ, ਪੰਥਕ ਏਕਤਾ, ਖਾਲਸਾ ਪੰਥ ਦੀ ਮਜ਼ਬੂਤੀ, ਪੰਜਾਬ ਦੀ ਖੁਸ਼ਹਾਲੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦੀ ਆਤਮਿਕ ਅਤੇ ਸਿਧਾਂਤਕ ਅਗਵਾਈ ਦਾ ਕੇਂਦਰ ਹੈ ਅਤੇ ਇੱਥੋਂ ਮਿਲਣ ਵਾਲੀ ਪ੍ਰੇਰਣਾ ਹਰ ਸਿੱਖ ਨੂੰ ਆਪਣੇ ਧਾਰਮਿਕ, ਸਮਾਜਿਕ ਅਤੇ ਕੌਮੀ ਫਰਜ਼ਾਂ ਪ੍ਰਤੀ ਜਾਗਰੂਕ ਕਰਦੀ ਹੈ। ਬੀਬੀ ਹਰਪ੍ਰੀਤ ਕੌਰ ਫਿਲੌਰ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਇਸਤਰੀ ਵਿੰਗ ਪੰਜਾਬ ਭਰ ਦੀਆਂ ਮਾਵਾਂ, ਭੈਣਾਂ ਅਤੇ ਧੀਆਂ ਨੂੰ ਪੰਥਕ ਲਹਿਰ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕਰੇਗਾ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਵਿੱਚ ਬੀਬੀਆਂ ਨੇ ਹਰ ਸੰਘਰਸ਼ ਵਿੱਚ ਅਹਿਮ ਭੂਮਿਕਾ ਨਿਭਾਈ ਹੈ ਅਤੇ ਅੱਜ ਵੀ ਪੰਜਾਬ ਅਤੇ ਪੰਥ ਦੇ ਭਵਿੱਖ ਨੂੰ ਮਜ਼ਬੂਤ ਕਰਨ ਵਿੱਚ ਇਸਤਰੀ ਸ਼ਕਤੀ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੈ। ਮਾਤਾ ਬਲਵਿੰਦਰ ਕੌਰ ਜੀ ਨੇ ਇਸ ਮੌਕੇ ਕਿਹਾ ਕਿ ਗੁਰੂ ਸਾਹਿਬਾਨ ਦੀ ਬਖ਼ਿਸ਼ਸ਼ ਅਤੇ ਸੰਗਤਾਂ ਦੇ ਸਹਿਯੋਗ ਨਾਲ ਹੀ ਪੰਥਕ ਕਾਰਜ ਸਫਲ ਹੁੰਦੇ ਹਨ। ਉਨ੍ਹਾਂ ਸੰਗਤਾਂ ਨੂੰ ਗੁਰਬਾਣੀ ਅਤੇ ਗੁਰੂ ਘਰ ਨਾਲ ਜੁੜ ਕੇ ਪੰਜਾਬ, ਪੰਥ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਬਿਹਤਰ ਭਵਿੱਖ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ। ਅੱਜ ਦਾ ਇਹ ਅਕਾਲੀ ਦਲ ਵਾਰਿਸ ਪੰਜਾਬ ਦੇ ਇਸਤਰੀ ਵਿੰਗ ਦਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣ ਦਾ ਪ੍ਰੋਗਰਾਮ ਪੂਰੀ ਤਰ੍ਹਾਂ ਗੁਰਮਈ, ਪੰਥਕ ਭਾਵਨਾਵਾਂ ਅਤੇ ਚੜ੍ਹਦੀ ਕਲਾ ਦੇ ਜਜ਼ਬੇ ਨਾਲ ਭਰਪੂਰ ਰਿਹਾ।

# ਪਿੰਡ ਸਲੇਮਪੁਰ ਵਿਖੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਲਈ ਲਗਾਇਆ ਗਿਆ ਵਿਸ਼ੇਸ਼ ਕੈਂਪ

## 1 ਜੁਲਾਈ ਤੋਂ ਯੋਜਨਾ ਤਹਿਤ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਮਿਲਣੀ ਹੋਵੇਗੀ ਸ਼ੁਰੂ: ਚੇਅਰਮੈਨ ਦਲਵੀਰ ਸਿੰਘ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ)** -ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਸ਼ਕਤੀਕਰਨ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪਿੰਡ ਸਲੇਮਪੁਰ ਵਿਖੇ ਰਜਿਸਟ੍ਰੇਸ਼ਨ ਲਈ ਇੱਕ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਕੈਂਪ ਦੀ ਸ਼ੁਰੂਆਤ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੱਲੋਂ ਕਰਵਾਈ ਗਈ। ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਲਈ ਵਚਨਬੱਧ ਹੈ ਅਤੇ ਮਹਿਲਾਵਾਂ ਦੀ ਆਰਥਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਹ ਯੋਜਨਾ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ 1 ਜੁਲਾਈ ਤੋਂ ਯੋਜਨਾ ਤਹਿਤ ਯੋਗ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਜਾਵੇਗੀ। ਉਨ੍ਹਾਂ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਆਪਣੀ ਰਜਿਸਟ੍ਰੇਸ਼ਨ ਸਮੇਂ ਸਿਰ ਕਰਵਾਉਣ ਅਤੇ ਹੋਰਨਾਂ ਨੂੰ ਵੀ ਇਸ ਬਾਰੇ ਜਾਗਰੂਕ ਕਰਨ। ਇਸ ਮੌਕੇ ਸਰਪੰਚ ਭੀਮ ਸਿੰਘ, ਹਰਮੇਲ ਸਿੰਘ, ਹਰਜਿੰਦਰ ਸਿੰਘ (ਮੈਂਬਰ), ਆਮ ਆਦਮੀ ਪਾਰਟੀ ਦੇ ਸੰਸਥਾਪਕ ਮੈਂਬਰ ਜਗਤਾਰ ਸਿੰਘ ਬਾਗੜੀ, ਜਥੇਦਾਰ ਮਹਿੰਦਰ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਆਮ ਆਦਮੀ ਪਾਰਟੀ ਦੇ ਅਨੁਸੂਚਿਤ ਜਾਤੀ ਵਿੰਗ ਦੀ ਇਕ ਅਹਿਮ ਮੀਟਿੰਗ ਚੰਡੀਗੜ੍ਹ ਵਿਚ ਹੋਈ



ਚੌਕ ਮਹਿਤਾ,22, ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ) ਆਮ ਆਦਮੀ ਪਾਰਟੀ ਦੇ ਅਨੁਸੂਚਿਤ ਜਾਤੀ ਵਿੰਗ ਦੀ ਇਕ ਅਹਿਮ ਮੀਟਿੰਗ ਚੰਡੀਗੜ੍ਹ ਵਿਚ ਹੋਈ। ਮੀਟਿੰਗ ਦੀ ਪ੍ਰਧਾਨਗੀ ਗੁਰਪ੍ਰੀਤ ਸਿੰਘ ਜੇ ਪੀ ਪ੍ਰਧਾਨ ਅਨੁਸੂਚਿਤ ਜਾਤੀ ਵਿੰਗ ਪੰਜਾਬ ਨੇ ਕੀਤੀ । ਇਸ ਮੀਟਿੰਗ ਵਿੱਚ ਨਗਰ ਪੰਚਾਇਤ ਰਈਆ ਤੋ ਚੋਣਾ ਵਿੱਚ ਜਿੱਤੇ ਕੋਂਸਲਰ ਸਰਬਜੀਤ ਸਿੰਘ ਫੋਜੀ ਅਤੇ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਹਰਾ ਕੇ ਸਭ ਤੋ ਛੋਟੀ ਉਮਰ ਦੇ ਕੌਂਸਲਰ ਬਣੇ ਅਮਰਵੀਰ ਸਿੰਘ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਪਾਰਟੀ ਦੀਆ ਨੀਤੀਆ ਨੂੰ ਘਰ ਘਰ ਪਹੁੰਚਾਉਣ ਲਈ ਸ਼ੁਭਕਾਮਨਾਵਾ ਦਿੱਤੀਆ ਇਸ ਮੋਕੇ ਰਵਿੰਦਰ ਹੰਸ ਜਨਰਲ ਸੈਕਟਰੀ ਪੰਜਾਬ ਮਾਝਾ ਜੋਨ , ਸੁਖਚੈਨ ਸਿੰਘ ਜਿਲਾ ਪ੍ਰਧਾਨ ਐੱਸ ਸੀ ਵਿੰਗ ਅੰਮ੍ਰਿਤਸਰ ਦਿਹਾਤੀ , ਸਰਪੰਚ ਹਰਜਿੰਦਰ ਸਿੰਘ ਐਸ ਸੀ ਵਿੰਗ ਹਲਕਾ ਬਾਬਾ ਬਕਾਲਾ ਕੁਆਡੀਨੇਟਰ , ਮਨਜੀਤ ਸਿੰਘ ਹਲਕਾ ਕੁਆਡੀਨੇਪਰ ਜੰਡਿਆਲਾ ਗੁਰੂ ਵੀ ਹਾਜ਼ਰ ਸਨ।

# ਪ ਸ ਸ ਫ ਵਲੋਂ ਸਾਥੀ ਰਜਿੰਦਰ ਮੰਡ ਦੇ ਸਦੀਵੀ ਵਿਛੋੜੇ 'ਤੇ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ

**ਜਲੰਧਰ 22 ਜੂਨ (ਆਵਾਜ਼ਿ ਕੌਮ ਬਿਊਰੋ)**-ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਾਬਕਾ ਸਕੱਤਰ,ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਦੇ ਕਮੇਟੀ ਮੈਂਬਰ ਅਤੇ ਟ੍ਰਸਟੀ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਨਵਾਂ ਜ਼ਮਾਨਾ ਦੇ ਐਡਵੋਕੇਟ ਰਜਿੰਦਰ ਮੰਡ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਕਮੇਟੀ ਮੈਂਬਰ ਕੁਲਦੀਪ ਵਾਲੀਆ, ਤਰਸੇਮ ਮਾਧੋਪੁਰੀ,ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਜਨਰਲ ਸਕੱਤਰ ਮਨੋਜ ਕੁਮਾਰ ਸਰੋਏ, ਵਿੱਤ ਸਕੱਤਰ ਓਮ ਪ੍ਰਕਾਸ਼, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ, ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ, ਪ੍ਰੈੱਸ ਸਕੱਤਰ ਵੇਦ ਰਾਜ, ਪੰਜਾਬ ਪੈਂਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫਿਲੌਰ ਅਤੇ ਫਗਵਾੜਾ ਦੇ ਆਗੂਆਂ ਬਲਵਿੰਦਰ ਕੁਮਾਰ,ਤਾਰਾ ਸਿੰਘ ਬੀਕਾ, ਬੂਟਾ ਰਾਮ ਅਕਲਪੁਰ,ਰਤਨ ਸਿੰਘ ਗੁਰਾਇਆ, ਮੋਹਣ ਸਿੰਘ ਭੱਟੀ, ਕੁਲਦੀਪ ਸਿੰਘ ਕੌੜਾ, ਗੁਰਨਾਮ ਸਿੰਘ ਸੈਣੀ,ਸੀਤਲ ਰਾਮ ਬੰਗਾ ਆਦਿ ਨੇ ਕਿਹਾ ਕਿ ਸਾਥੀ ਰਜਿੰਦਰ ਮੰਡ ਦੀ ਬੇਵਕਤੀ ਮੌਤ ਨਾਲ ਜਿੱਥੇ ਮੰਡ ਪਰਿਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਯੋਗ ਘਾਟਾ ਪਿਆ ਹੈ, ਉੱਥੇ ਸੀ ਪੀ ਆਈ ਜ਼ਿਲ੍ਹਾ ਜਲੰਧਰ, ਦੇਸ਼ ਭਗਤ ਯਾਦਗਾਰ ਕਮੇਟੀ,ਅਤੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਾਥੀਆਂ ਅਤੇ ਖੱਬੀ ਜਮਹੂਰੀ ਲਹਿਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਵੱਡਾ ਘਾਟਾ ਪਿਆ ਹੈ। ਸਾਥੀ ਰਜਿੰਦਰ ਮੰਡ ਦੇ ਸਦੀਵੀ ਵਿਛੋੜਾ ਦੇਣ ਤੇ ਇਹਨਾਂ ਦੇ ਪਰਿਵਾਰ ਨੂੰ ਲਗਭਗ ਇੱਕ ਸਾਲ ਤੋਂ ਬਾਅਦ ਦੂਸਰੀ ਦੁਖਦਾਈ ਘਟਨਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਦੋਂ ਕਿ ਪਹਿਲਾਂ ਸਾਥੀ ਰਜਿੰਦਰ ਮੰਡ ਜੀ ਦੇ ਸਤਿਕਾਰਯੋਗ ਪਿਤਾ ਸਾਥੀ ਗੁਰਮੀਤ ਸਿੰਘ ਸ਼ੁਗਲੀ ਜੀ ਸਦੀਵੀ ਵਿਛੋੜਾ ਦੇ ਗਏ ਸਨ1 ਸਾਥੀ ਰਜਿੰਦਰ ਮੰਡ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ 24 ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਿਹਾ ਹੈ, ਇਸ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬੁੱਢਾ ਦਲ ਦੇ ਦੇਗੀਏ ਬਾਬਾ ਅਨੋਖ ਸਿੰਘ ਦੀ ਪਰਿਵਾਰ ਨੇ

# 18ਵੀਂ ਬਰਸੀ ਮਨਾਈ




ਤਲਵੰਡੀ ਸਾਬੋ, 22 ਜੂਨ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਨਿਹੰਗ ਸਿੰਘਾਂ ਦੇ ਹੈਡਕੁਆਰਟਰ ਗੁਰਦੁਆਰਾ ਬੇਰ ਸਾਹਿਬ ਦੇਗਸਰ ਸਾਹਿਬ ਵਿਖੇ ਸਰਦਾਈਆਂ ਸ਼ਹੀਦੀ ਦੇਗਾਂ ਦੀ ਨਿਸ਼ਕਾਮ 30 ਸਾਲ ਤੋਂ ਉੱਪਰ ਰਗੜਾ ਲਗਾਉਣ ਦੀ ਸੇਵਾ ਕਰਨ ਵਾਲੇ ਦੇਗੀਏ ਸਿੰਘ ਬਾਬਾ ਅਨੋਖ ਸਿੰਘ ਦੀ 18ਵੀਂ ਬਰਸੀ ਪਰਿਵਾਰ ਵੱਲੋਂ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਈ ਗਈ। ਅੱਜ ਉਹਨਾਂ ਦੇ ਨਿਵਾਸ ਅਸਥਾਨ ਤੇ ਆਰੰਭ ਕੀਤੇ ਹੋਏ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਗਏ ਤੇ ਗੁਰਮਤਿ ਸਮਾਗਮ ਕਰਵਾਏ ਗਏ। ਉਨਾਂ ਦੇ ਸਪੁੱਤਰ ਜਥੇਦਾਰ ਬਾਬਾ ਜੋਗਾ ਸਿੰਘ ਹਨੂੰਮਾਨਗੜ੍ਹ ਨੇ ਦੱਸਿਆ ਕਿ ਸਾਡੇ ਪੂਜਨੀਕ ਪਿਤਾ ਜੀ ਨੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਦੇ ਮੁੱਖ ਅਸਥਾਨ ਤੇ ਤਤਕਾਲੀ ਜਥੇਦਾਰ ਬਾਬਾ ਸੰਤਾ ਸਿੰਘ ਜੀ ਅਕਾਲੀ ਨਾਲ ਰਹਿ ਕੇ ਸ਼ਹੀਦੀ ਦੇਗਾਂ ਸ਼ਰਦਾਈਆਂ ਦੀਆਂ ਨਿਸ਼ਕਾਮ ਸੇਵਾਵਾਂ ਨਿਭਾਈਆਂ। ਉਹਨਾਂ ਦੀ ਤੇ ਮਾਤਾ ਮਹਿੰਦਰ ਕੌਰ ਜੀ ਦੀ ਸਲਾਨਾ ਬਰਸੀ ਅਤੇ ਨਿੱਘੀਆਂ ਯਾਦਾਂ ਨੂੰ ਤਾਜਾ ਰੱਖਣ ਦੇ ਲਈ ਸਾਰਾ ਪਰਿਵਾਰ ਹਰ ਸਾਲ ਰਲ ਮਿਲ ਕੇ ਬਰਸੀ ਸਮਾਗਮ ਮਨਾਉਂਦੇ ਹਾਂ। ਜਿਕਰਯੋਗ ਹੈ ਕਿ ਬਾਬਾ ਅਨੋਖ ਸਿੰਘ ਦੇਗੀਆ ਦੇ ਨਾਲ ਨਾਲ ਪਰਿਵਾਰ ਵੱਲੋਂ ਮਾਤਾ ਮਹਿੰਦਰ ਕੌਰ ਜੀ ਦੀ ਵੀ ਬਰਸੀ ਮਨਾਈ ਜਾਂਦੀ ਹੈ। ਅੱਜ ਬਰਸੀ ਸਮਾਗਮਾਂ ਮੌਕੇ ਸ਼ਰਦਾਈਆਂ ਦੇ ਲੰਗਰ ਅਤੁੱਟ ਵਰਤਾਏ ਗਏ। ਜਥੇਦਾਰ ਬਾਬਾ ਜੋਗਾ ਸਿੰਘ ਹਨੂੰਮਾਨਗੜ੍ਹ ਨੇ ਆਏ ਹੋਏ ਗੁਰਸਿੱਖਾਂ, ਨਿਹੰਗ ਸਿੰਘ ਫੌਜਾਂ ਦਾ ਸਿਰੋਪਾਓ ਪਾ ਕੇ ਮਾਨ ਸਨਮਾਨ ਕੀਤਾ ਗਿਆ। ਪਰਿਵਾਰਕ ਮੈਂਬਰਾਂ ਨੇ ਗੁਰੂ ਕਾ ਲੰਗਰ ਅਤੁਟ ਵਰਤਾਉਣ ਦੀ ਸੇਵਾ ਨਿਭਾਈ। ਬਾਬਾ ਅਨੋਖ ਸਿੰਘ ਦੇਗੀਆ ਅਤੇ ਮਾਤਾ ਮਹਿੰਦਰ ਕੌਰ ਜੀ ਦੇ ਬਰਸੀ ਬਰਸੀ ਸਮਾਗਮਾਂ ਦੇ ਵਿੱਚ ਬਾਬਾ ਬਲਵੰਤ ਸਿੰਘ, ਬਾਬਾ ਲੱਖਾ ਸਿੰਘ ਭਾਗੀਵਾਂਦਰ, ਮਹੰਤ ਦਲੇਰ ਸਿੰਘ ਬੇਰ ਸਾਹਿਬ, ਬਾਬਾ ਰੇਸ਼ਮ ਸਿੰਘ ਦੇਗੀਆ, ਭਾਈ ਮਾਨ ਸਿੰਘ ਲਿਖਾਰੀ ਬੁੱਢਾ ਦਲ, ਭਾਈ ਬਾਜ ਸਿੰਘ, ਭਾਈ ਮਾਨਾ ਸਿੰਘ, ਕਾਕਾ ਏਕਮਜੋਤ ਸਿੰਘ ਤੇ ਹੋਰ ਪਰਿਵਾਰਕ ਮੈਂਬਰ ਤੇ ਨਿਹੰਗ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮਨਾਇਆ 12ਵਾਂ ਅੰਤਰ ਰਾਸ਼ਟਰੀ ਯੋਗ ਦਿਵਸ

# ਨਸ਼ਾ ਮੁਕਤੀ ਲਈ ਚੁੱਕੀ ਗਈ ਸਹੁੰ




ਤਲਵੰਡੀ ਸਾਬੋ, 22 ਜੂਨ (ਗੁਰਜੰਟ ਸਿੰਘ ਨਥੇਹਾ)- ਭਾਰਤ ਸਰਕਾਰ ਦੇ ਯੁਵਾ ਅਤੇ ਖੇਡ ਮੰਤਰਾਲਾ ਵੱਲੋਂ ਜਾਰੀ ਕੀਤੇ ਆਦੇਸ਼ਾਂ ਅਨੁਸਾਰ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ, ਡਾਇਰੈਕਟੋਰੇਟ ਆਫ਼ ਵਿਦਿਆਰਥੀ ਭਲਾਈ ਵੱਲੋਂ ਐੱਨ.ਐੱਸ.ਐੱਸ.ਵਿਭਾਗ ਦੇ ਸਹਿਯੋਗ ਨਾਲ 12ਵਾਂ ਅੰਤਰ-ਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਇਸ ਮੌਕੇ ਵਾਈਸ ਚਾਂਸਲਰ ਪ੍ਰੋ.(ਡਾ.) ਬਲਰਾਜ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦ ਕਿ ਡਾਇਰੈਕਟਰ ਵਿਦਿਆਰਥੀ ਭਲਾਈ, ਸਰਦੂਲ ਸਿੰਘ ਸਿੱਧੂ, ਡਾਇਰੈਕਟਰ ਸਪੋਰਟਸ, ਡਾ. ਬਲਵਿੰਦਰ ਸ਼ਰਮਾ, ਡੀਨ, ਡਾ. ਰਵੀ ਗਹਲਾਵਤ, ਡਿਪਟੀ ਰਜਿਸਟਰਾਰ ਕੁਲਵੀਰ ਸਿੰਘ, ਵਰਸਿਟੀ ਅਧਿਕਾਰੀ, ਸਟਾਫ਼ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ। ਮੁੱਖ ਮਹਿਮਾਨ ਵਾਈਸ ਚਾਂਸਲਰ ਡਾ. ਸਿੰਘ ਨੇ ਕਿਹਾ ਕਿ ਯੋਗ ਸਾਡੀ ਭਾਰਤੀ ਸੰਸਕ੍ਰਿਤੀ ਦਾ ਹਿੱਸਾ ਹੈ, ਜਿਸ ਰਾਹੀਂ ਅਸੀ ਸ਼ਰੀਰਕ ਤੰਦਰੁਸਤੀ ਹਾਸਿਲ ਕਰਦੇ ਹੋਏ ਮਾਨਸਿਕ ਤਣਾਅ ਤੋਂ ਛੁਟਕਾਰਾ ਪਾ ਸਕਦੇ ਹਾਂ। ਉਹਨਾਂ ਕਿਹਾ ਕਿ ਹਰ ਰੋਜ਼ ਅੱਧਾ ਘੰਟਾ ਯੋਗ ਕਰਨ ਨਾਲ ਸ਼ਰੀਰਕ ਤੰਦਰੁਸਤੀ, ਮਾਨਸਿਕ ਚੇਤਨਤਾ, ਰੂਹਾਨੀ ਸ਼ਾਂਤੀ ਅਤੇ ਮਨ ਨੂੰ ਸਕੂਨ ਮਿਲਦਾ ਹੈ। ਉਹਨਾਂ ਵਿਸ਼ੇਸ਼ ਤੌਰ ਤੇ ਨਾਰੀ ਸ਼ਕਤੀ ਨੂੰ ਆਪਣੇ ਘਰੇਲੂ ਕੰਮਾਂ ਦੇ ਨਾਲ-ਨਾਲ ਹਰ ਰੋਜ਼ ਕਸਰਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਯੋਗ ਆਚਾਰੀਆ ਡਾ. ਸਾਕਸ਼ੀ ਵੱਲੋਂ ਯੋਗ ਆਸਨ, ਪ੍ਰਣਾਯਾਮ ਅਤੇ ਨਾੜੀ ਸ਼ੋਧਨ ਕਿਰਿਆਵਾਂ ਕਰਵਾਈਆਂ ਗਈਆਂ ਅਤੇ ਉਹਨਾਂ ਦੇ ਫਾਇਦਿਆਂ ਬਾਰੇ ਜਾਣਕਾਰੀ ਦਿੱਤੀ ਗਈ। ਉਹਨਾਂ ਯੋਗ ਦੇ ਇਤਿਹਾਸ ਅਤੇ ਸਹੀ ਤਰੀਕਿਆਂ ਤੋਂ ਜਾਣੂ ਕਰਵਾਇਆ। ਇਸ ਮੌਕੇ ਸਭਨਾਂ ਨੇ ਆਪਣੇ ਸਮਾਜ ਨੂੰ ਨਸ਼ਾ ਮੁਕਤ ਕਰਨ ਦਾ ਪ੍ਰਣ ਕੀਤਾ। ਇਸ ਮੌਕੇ ਡਾਇਰੈਕਟਰ ਵਿਦਿਆਰਥੀ ਭਲਾਈ ਸਿੱਧੂ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਸਭਨਾਂ ਨੂੰ ਹਰ ਰੋਜ਼ ਸਵੇਰੇ ਯੋਗ ਅਤੇ ਕਸਰਤ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਨਿਰੋਗ ਸ਼ਰੀਰ ਵਿੱਚ ਹੀ ਨਿਰੋਗ ਦਿਮਾਗ ਦਾ ਵਾਸਾ ਹੁੰਦਾ ਹੈ। ਐੱਨ.ਐੱਸ.ਐੱਸ. ਵੰਲਟੀਅਰਾਂ ਅਤੇ ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ ਦੀ ਟੀਮ ਵੱਲੋਂ ਕੀਤਾ ਗਿਆ ਪ੍ਰਬੰਧਨ ਸ਼ਲਾਘਾਯੋਗ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਹੇਮਕੁੰਟ ਸਾਹਿਬ ਯਾਤਰਾ ਦੌਰਾਨ ਨਿਹੰਗ ਸਿੰਘਾਂ ਨਾਲ ਹੋਈ ਘਟਨਾ ਦੀ ਜਾਂਚ ਹਰਿਦੁਆਰ ਐਸਐਸਪੀ ਨੂੰ ਸੌਂਪੀ

## ਗ੍ਰਿਫ਼ਤਾਰ ਨਿਹੰਗ ਸਿੰਘਾਂ ਦੀ ਜ਼ਮਾਨਤ ਲਈ ਕੇਸ ਦੀ ਪੈਰਵੀ ਦਿੱਲੀ ਗੁਰਦੁਆਰਾ ਕਮੇਟੀ ਕਰੇਗੀ: ਕਾਲਕਾ, ਕਾਹਲੋਂ



**ਨਵੀਂ ਦਿੱਲੀ**, 22 ਜੂਨ (**ਮਨਪ੍ਰੀਤ ਸਿੰਘ ਖਾਲਸਾ**)-ਉੱਤਰਾਖੰਡ ਦੇ ਚਮੌਲੀ ਵਿੱਚ ਸ੍ਰੀ ਹੇਮਕੁੰਟ ਸਾਹਿਬ ਯਾਤਰਾ ਦੌਰਾਨ ਨਿਹੰਗ ਸਿੰਘਾਂ ਨਾਲ ਹੋਈ ਕੁੱਟਮਾਰ ਅਤੇ ਪੁਲਿਸ ਕਾਰਵਾਈ ਦੇ ਮਾਮਲੇ ਸਬੰਧੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਫ਼ਦ ਨੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਉੱਤਰਾਖੰਡ ਦੇ ਡੀਜੀਪੀ ਦੀਪਮ ਸੇਠ ਨਾਲ ਮੁਲਾਕਾਤ ਕੀਤੀ। ਕਮੇਟੀ ਨੇ ਦੱਸਿਆ ਕਿ 16 ਜੂਨ ਨੂੰ ਕਰਨਪ੍ਰਯਾਗ ਵਿੱਚ ਚਾਰ ਨਿਹੰਗ ਸਿੰਘਾਂ ਨਾਲ ਸਥਾਨਕ ਲੋਕਾਂ ਵੱਲੋਂ ਮਾਰਕੁੱਟ ਕੀਤੀ ਗਈ ਸੀ, ਜਿਸ ਤੋਂ ਬਾਅਦ ਪੁਲਿਸ ਨੇ ਉਨ੍ਹਾਂ ਖ਼ਿਲਾਫ਼ ਕੇਸ ਦਰਜ ਕਰਕੇ ਗ੍ਰਿਫ਼ਤਾਰ ਕਰ ਲਿਆ ਸੀ। ਵਫ਼ਦ ਨੇ ਸਥਾਨਕ ਲੋਕਾਂ ਅਤੇ ਸੰਬੰਧਿਤ ਪੁਲਿਸ ਕਰਮਚਾਰੀਆਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ। ਡੀਜੀਪੀ ਨੇ ਦੋਵੇਂ ਮਾਮਲਿਆਂ ਦੀ ਜਾਂਚ ਚਮੌਲੀ ਪੁਲਿਸ ਤੋਂ ਹਟਾ ਕੇ ਹਰਿਦੁਆਰ ਦੇ ਐੱਸਐੱਸਪੀ ਨਵਨੀਤ ਸਿੰਘ ਭੁੱਲਰ ਨੂੰ ਸੌਂਪ ਦਿੱਤੀ ਹੈ। ਇਸ ਤੋਂ ਇਲਾਵਾ, ਨਿਹੰਗ ਸਿੰਘਾਂ ਨੂੰ ਨੰਗੇ ਸਿਰ ਅਦਾਲਤ ਵਿੱਚ ਪੇਸ਼ ਕਰਨ ਅਤੇ ਥਾਣੇ ਵਿੱਚ ਕਥਿਤ ਮਾਰਕੁੱਟ ਦੇ ਦੋਸ਼ਾਂ ਦੀ ਜਾਂਚ ਡੀਆਈਜੀ ਯਸ਼ਵੰਤ ਸਿੰਘ ਕਰਨਗੇ। ਕਮੇਟੀ ਨੇ ਹਿਰਾਸਤ ਵਿੱਚ ਬੰਦ ਨਿਹੰਗ ਸਿੰਘਾਂ ਦੀ ਜਲਦ ਜ਼ਮਾਨਤ ਅਤੇ ਉਨ੍ਹਾਂ ਖ਼ਿਲਾਫ਼ ਲਗਾਈ ਗਈ ਧਾਰਾ 307 ਨੂੰ ਰੱਦ ਕਰਨ ਦੀ ਵੀ ਮੰਗ ਕੀਤੀ। ਡੀਜੀਪੀ ਨੇ ਭਰੋਸਾ ਦਿੱਤਾ ਕਿ ਜਾਂਚ ਦੋ ਤੋਂ ਤਿੰਨ ਹਫ਼ਤਿਆਂ ਵਿੱਚ ਮੁਕੰਮਲ ਕਰਕੇ ਦੋਸ਼ੀਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ। ਹੇਮਕੁੰਟ ਸਾਹਿਬ ਯਾਤਰਾ ਦੌਰਾਨ ਯਾਤਰੀਆਂ ਦੀ ਸਹਾਇਤਾ ਲਈ ਦੋ ਨੋਡਲ ਅਫ਼ਸਰ ਨਿਯੁਕਤ ਕਰਨ ਅਤੇ ਹੈਲਪਲਾਈਨ ਨੰਬਰ ਜਾਰੀ ਕਰਨ ਬਾਰੇ ਵੀ ਸਹਿਮਤੀ ਬਣੀ ਹੈ। ਕਮੇਟੀ ਨੇ ਕਿਹਾ ਕਿ ਉਹ ਇਸ ਮਾਮਲੇ ਦੀ ਕਾਨੂੰਨੀ ਪੈਰਵੀ ਜਾਰੀ ਰੱਖੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਜੋਤੀਸਰ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਨਾਲ ਵੱਖ-ਵੱਖ ਰਾਜਨੀਤਿਕ ਧਾਰਮਿਕ ਸਖਸ਼ੀਅਤਾਂ ਨੇ ਕੀਤਾ ਦੁੱਖ ਸਾਂਝਾ

## ਵਿਛੜੀ ਰੂਹ ਦੇ ਪ੍ਰਥਾਏ 22 ਨੂੰ ਸ੍ਰੀ ਆਖੰਡ ਪਾਠ ਸਾਹਿਬ ਆਰੰਭ 24 ਜੂਨ ਦਿਨ ਬੁੱਧਵਾਰ ਨੂੰ ਅੰਤਿਮ ਅਰਦਾਸ ਬਾਬਾ ਸੁੱਖਾ ਸਿੰਘ




**ਜੰਡਿਆਲਾ ਗੁਰੂ** 21 ਜੂਨ ( **ਕੁਲਵੰਤ ਸਿੰਘ ਵਿਰਦੀ** )-ਬੀਤੇ ਦਿਨ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਦੇ ਛੋਟੇ ਭਰਾਤਾ ਰਾਜਵਿੰਦਰ ਸਿੰਘ ਰਾਜੂ ਉਮਰ ਕਰੀਬ 35 ਸਾਲ ਇਕ ਸੜਕ ਹਾਦਸੇ ਦਾ ਸਿਕਾਰ ਹੋਣ ਤੋਂ ਬਾਅਦ ਮੌਕੇ ਤੇ ਹੀ ਮੌਤ ਹੋ ਗਈ । ਇਸ ਦੁੱਖ ਦੀ ਘੜੀ ਵਿੱਚ ਵੱਖ-ਵੱਖ ਰਾਜਨੀਤਿਕ ਧਾਰਮਿਕ ਸਖਸ਼ੀਅਤਾਂ ਵੱਲੋਂ ਬਾਬਾ ਸੁੱਖਾ ਸਿੰਘ ਜੀ ਨਾਲ ਦੁੱਖ ਸਾਂਝਾ ਕੀਤਾ ਗਿਆ ਅਤੇ ਬੀਤੇ ਦਿਨ ਗੁਰਦੁਆਰਾ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ,ਗੜਵੀ ਬਾਬਾ ਦੀਪ ਸਿੰਘ, ਦਿਲਬਾਗ ਸਿੰਘ ਤਲਵੰਡੀ, ਤੇਜਿੰਦਰ ਸਿੰਘ ਮੁਕੰਦਪੁਰ, ਮਾਸਟਰ ਜੱਸਾ ਸਿੰਘ ਖੁਜਾਲਾ, ਜਸਕਰਨ ਸਿੰਘ ਚਾਟੀਵਿੰਡ ,ਦਸਮੇਸ ਤਰਨਾਦਲ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ,ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ,ਗੁਰਪ੍ਰੀਤ ਸਿੰਘ,ਭਾਈ ਭੁਪਿੰਦਰ ਸਿੰਘ ਕਥਾ ਵਾਚਕ ਗਦਲੀ, ਬਾਬਾ ਮਨਮੋਹਨ ਸਿੰਘ ਭੰਗਾਣੀ ਵਾਲੇ , ਬਾਬਾ ਸੁਖਵੰਤ ਸਿੰਘ ਚੰਨਣਕੇ ਵਾਲਿਆਂ ਵੱਲੋਂ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਦੁੱਖ ਸਾਂਝਾ ਕੀਤਾ ਗਿਆ ! ਰਾਜਵਿੰਦਰ ਸਿੰਘ ਰਾਜੂ ਦੀ ਵਿਛੜੀ ਰੂਹ ਦੇ ਪ੍ਰਥਾਏ 22 ਜੂਨ ਸੋਮਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਹੋਣਗੇ ਅਤੇ 24 ਜੂਨ ਦਿਨ ਬੁੱਧਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਉਪਰੰਤ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਕੀਰਤਨ 12 ਵਜੇ ਤੋਂ 1 ਵਜੇ ਤੱਕ ਕੀਤੇ ਜਾਣਗੇ ! ਸਮੂਹ ਸਾਕ ਸੰਬੰਧੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸੰਗਤੀ ਰੂਪ ਵਿੱਚ ਰੂਹ ਦੇ ਪ੍ਰਥਾਏ ਅੰਤਿਮ ਅਰਦਾਸ ਕੀਤੀ ਜਾਵੇਗੀ !

ਆਵਾਜ਼ਿ ਕੌਮ AWAZE QAUM International Newspaper & WEB TV

### 27 ਜੂਨ ਦੇ ਜਰਨਲ ਹਾਊਸ ਤੋਂ ਪਹਿਲਾਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ

# ਧਾਮੀ, ਬਡੂੰਗਰ ਅਤੇ ਸੁਖਬੀਰ ਨੂੰ ਵੀ ਤਲਬ ਕਰਨ - ਸ ਗੁਰਪ੍ਰਤਾਪ ਸਿੰਘ ਵਡਾਲਾ



**ਚੰਡੀਗੜ੍ਹ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੀ ਰਾਜਨੀਤਿਕ ਮਾਮਲਿਆਂ ਬਾਰੇ ਕਮੇਟੀ ਦੀ ਮੀਟਿੰਗ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਦੀ ਪ੍ਰਧਾਨਗੀ ਹੇਠ ਮੱਖਣ ਸ਼ਾਹ ਲੁਬਾਣਾ ਭਵਨ ਚੰਡੀਗੜ੍ਹ ਵਿੱਚ ਹੋਈ। ਜਿਸ ਵਿੱਚ ਸਰਬ ਸੰਮਤੀ ਨਾਲ ਮਤਾ ਪਾਸ ਕਰਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਅਪੀਲ ਕੀਤੀ ਗਈ ਕਿ 27 ਜੂਨ ਦੇ ਜਰਨਲ ਹਾਊਸ ਤੋਂ ਪਹਿਲਾਂ ਸ਼੍ਰੋਮਣੀ ਗੁਰੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਧਾਨ ਸ ਹਰਜਿੰਦਰ ਸਿੰਘ ਧਾਮੀ ਅਤੇ ਸਾਬਕਾ ਪ੍ਰਧਾਨ ਸ ਕਿਰਪਾਲ ਸਿੰਘ ਬਡੂੰਗਰ ਨੂੰ ਤਲਬ ਕਰਕੇ ਪੁੱਛਿਆ ਜਾਵੇ ਕਿ ਉਹਨਾਂ ਨੇ ਦੋ ਦਸੰਬਰ 2024 ਦੇ ਹੁਕਮਨਾਮਿਆ ਨੂੰ ਨਾ ਮੰਨਣ ਦਾ ਗੁਨਾਹ ਕਿਸ ਮਜਬੂਰੀ ਤਹਿਤ ਕੀਤਾ। ਮੀਟਿੰਗ ਦੀ ਕਾਰਵਾਈ ਬਾਰੇ ਦੱਸਦਿਆਂ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਕਿ ਦੋ ਦਸੰਬਰ ਦੇ ਹੁਕਮਨਾਮਿਆਂ ਵਿੱਚ ਸਪੱਸ਼ਟ ਆਦੇਸ਼ ਸੀ ਕਿ ਸ ਧਾਮੀ ਦੀ ਅਗਵਾਈ ਹੇਠ ਇਕ ਸੱਤ ਮੈਂਬਰੀ ਕਮੇਟੀ ਬਣਾਈ ਜਾਂਦੀ ਹੈ ਜੋ ਅਕਾਲੀ ਦਲ ਦੀ ਭਰਤੀ ਕਰਕੇ ਨਵੀਂ ਲੀਡਰਸ਼ਿਪ ਉਭਾਰੇਗੀ। ਪਰ ਸ ਹਰਜਿੰਦਰ ਸਿੰਘ ਧਾਮੀ ਐਸ.ਜੀ.ਪੀ.ਸੀ ਅਤੇ ਸੱਤ ਮੈਂਬਰੀ ਕਮੇਟੀ ਦੀ ਪ੍ਰਧਾਨਗੀ ਤੋਂ ਅਸਤੀਫਾ ਦੇ ਕੇ ਘਰ ਜਾ ਬੈਠੇ। ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਕਹਿਣ 'ਤੇ ਉਹਨਾਂ ਨੇ ਐਸ.ਜੀ.ਪੀ.ਸੀ ਦੀ ਪ੍ਰਧਾਨਗੀ ਵਾਲਾ ਅਸਤੀਫਾ ਤਾਂ ਕੁਝ ਦਿਨਾਂ ਵਿੱਚ ਹੀ ਵਾਪਸ ਲੈ ਲਿਆ ਪਰ ਬਿਨਾ ਕੋਈ ਖਾਸ ਵਜਾਹ ਦੱਸੇ ਸੱਤ ਮੈਂਬਰੀ ਭਰਤੀ ਕਮੇਟੀ ਤੋਂ ਕਿਨਾਰਾ ਕਰੀ ਰੱਖਿਆ। ਉਹਨਾਂ ਵੱਲ ਵੇਖ ਕੇ ਸਾਬਕਾ ਪ੍ਰਧਾਨ ਕਿਰਪਾਲ ਸਿੰਘ ਬਡੂੰਗਰ ਵੀ ਹੁਕਮਨਾਮੇ ਤੋਂ ਬਾਗੀ ਹੋ ਗਏ ਅਤੇ ਭਰਤੀ ਕਮੇਟੀ ਤੋਂ ਅਸਤੀਫਾ ਦੇ ਦਿੱਤਾ। ਸ ਵਡਾਲਾ ਨੇ ਕਿਹਾ ਕਿ ਹੁਣ ਜਦੋਂ ਇਹ ਲੀਡਰ ਹੁਕਮਨਾਮਿਆ ਨੂੰ ਲਾਗੂ ਕਰਵਾਉਣ ਦੀਆਂ ਗੱਲਾਂ ਕਰ ਰਹੇ ਹਨ ਤਾਂ ਇਹਨਾਂ ਤੋਂ ਇਹ ਵੀ ਜਰੂਰ ਪੁੱਛਿਆ ਜਾਣਾ ਚਾਹੀਦਾ ਹੈ ਕਿ ਜਦੋਂ ਇਹਨਾਂ ਉਪਰ ਜਿੰਮੇਵਾਰੀ ਸੀ ਤਾਂ ਉਸ ਹੁਕਮਨਾਮੇ ਨੂੰ ਕਿਉਂ ਨਾ ਮੰਨਿਆ ਗਿਆ। ਇੰਨਾ ਹੀ ਨਹੀਂ, ਸਗੋਂ ਐਸ.ਜੀ.ਪੀ.ਸੀ ਪ੍ਰਧਾਨ ਦੋ ਦਸੰਬਰ ਦੇ ਹੁਕਮਨਾਮਿਆ ਨੂੰ ਆਪਣੇ ਖਿਲਾਫ ਸਾਜਿਸ਼ ਦੱਸਣ ਵਾਲੇ ਸੁਖਬੀਰ ਸਿੰਘ ਬਾਦਲ ਨਾਲ ਲਗਾਤਾਰ ਮੀਟਿੰਗਾਂ ਅਤੇ ਸਟੇਜਾਂ ਸਾਂਝੀਆਂ ਕਰ ਰਹੇ ਹਨ। ਸ ਵਡਾਲਾ ਨੇ ਸਿੰਘ ਸਾਹਿਬ ਨੂੰ ਯਾਦ ਕਰਾਇਆ ਕਿ ਦੋ ਦਸੰਬਰ ਦੇ ਹੁਕਮਨਾਮਿਆ ਨੂੰ ਆਪਣੇ ਕਤਲ ਦੀ ਸਾਜਿਸ਼ ਕਹਿਣ ਵਾਲੇ ਸੁਖਬੀਰ ਸਿੰਘ ਬਾਦਲ ਖਿਲਾਫ ਕਾਰਵਾਈ ਕਰਨ ਲਈ ਕਈ ਐਸ.ਜੀ.ਪੀ.ਸੀ ਮੈਂਬਰਾਂ ਵੱਲੋਂ ਆਪ ਜੀ ਕੋਲ ਲਿਖਤੀ ਸ਼ਿਕਾਇਤ ਵੀ ਦਿੱਤੀ ਹੋਈ ਹੈ। ਇਹਨਾਂ ਦੋਹਾਂ ਆਗੂਆਂ ਦੇ ਨਾਲ-ਨਾਲ ਆਪ ਜੀ ਨੂੰ ਸੁਖਬੀਰ ਸਿੰਘ ਬਾਦਲ ਖਿਲਾਫ ਆਈ ਸ਼ਿਕਾਇਤ ਦਾ ਵੀ ਨਿਪਟਾਰਾ ਕਰਨਾ ਚਾਹੀਦਾ ਹੈ। ਤਾਂਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਹੋਣ ਵਾਲੇ ਹੁਕਮਨਾਮਿਆ ਖਿਲਾਫ ਜਾਣ ਦੀ ਦੁਬਾਰਾ ਕੋਈ ਜੁਅਰਤ ਨਾ ਕਰ ਸਕੇ। 15 ਜੂਨ ਦੇ ਹੁਕਮਨਾਮੇ ਤੋਂ ਆਸ ਬੱਝੀ ਹੈ ਕਿ ਆਪ ਜੀ ਇਸੇ ਦਲੇਰੀ ਨਾਲ 1999 ਤੋਂ ਬਾਦ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਹੋਏ, ਪਰ ਕਦੇ ਲਾਗੂ ਨਾ ਕੀਤੇ ਗਏ, ਸਾਰੇ ਆਦੇਸ਼ ਅਤੇ ਹੁਕਮਨਾਮੇ ਪ੍ਰਵਾਨ ਚੜ੍ਹਾ ਦਿਓਗੇ। ਜਿਸਦੀ ਸ਼ੁਰੂਆਤ ਵਿੱਚ ਸਭ ਤੋਂ ਪਹਿਲਾਂ ਪ੍ਰਧਾਨ ਸ ਹਰਜਿੰਦਰ ਸਿੰਘ ਧਾਮੀ ਅਤੇ ਕਿਰਪਾਲ ਸਿੰਘ ਬਡੂੰਗਰ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਪੇਸ਼ ਹੋ ਕੇ ਦੋ ਦਸੰਬਰ ਦੇ ਹੁਕਮਨਾਮਿਆ ਨੂੰ ਨਾ ਮੰਨਣ ਲਈ ਸਜਾ ਲਾਈ ਜਾਣੀ ਚਾਹੀਦੀ ਹੈ। ਉਹਨਾਂ ਹੁਕਮਨਾਮਿਆਂ ਨੂੰ ਸੁਣਾਉਣ ਵਾਲੇ ਜਥੇਦਾਰ ਸਾਹਿਬਾਨ ਨੂੰ ਜਲੀਲ ਕਰਕੇ ਹਟਾਉਣ ਦੀ ਵੀ ਉਹਨਾਂ ਤੋਂ ਜਵਾਬ ਤਲਬੀ ਹੋਣੀ ਚਾਹੀਦੀ ਹੈ। ਇਸਤੋਂ ਇਲਾਵਾ ਸ੍ਰੀ ਅਕਾਲ ਤਖਤ ਸਾਹਿਬ ਤੋਂ 1999 ਦੀ ਤਿੰਨ ਸੌ ਸਾਲਾ ਸ਼ਤਾਬਦੀ ਮਨਾਉਣ ਤੱਕ ਏਕਤਾ ਬਣਾ ਕੇ ਰੱਖਣ ਦੇ ਆਦੇਸ਼ ਨੂੰ ਨਾ ਮੰਨਣ ਵਾਲਿਆਂ ਨੂੰ ਵੀ ਆਪ ਜੀ ਵੱਲੋਂ ਪੰਥ ਸਾਹਮਣੇ ਨੰਗਾ ਕਰਨਾ ਚਾਹੀਦਾ ਹੈ। ਜਥੇਦਾਰ ਸਾਹਿਬਾਨ ਦੀ ਨਿਯੁਕਤੀ ਅਤੇ ਸੇਵਾ ਮੁਕਤੀ ਲਈ ਨਿਯਮ ਬਣਾਉਣ ਦਾ ਹੁਕਮਨਾਮਾ, ਆਰ ਐਸ ਐਸ ਨੂੰ ਮੂੰਹ ਨਾ ਲਾਉਣ ਦੇ ਹੁਕਮਾਂ ਦੀ ਉਲੰਘਣਾ ਕਰਕੇ ਪਤੀ ਪਤਨੀ ਵਾਲਾ ਰਾਜਨੀਤਿਕ ਸੰਬੰਧ ਬਣਾਉਣ ਵਾਲਿਆਂ ਖਿਲਾਫ ਕਾਰਵਾਈ, ਆਪਣਾ ਚੈਨਲ ਸ਼ੁਰੂ ਕਰਨ ਵਾਲੇ ਆਦੇਸ਼ ਆਦਿ ਨੂੰ ਨਾ ਮੰਨਣ ਬਾਰੇ ਵੀ ਸਪੱਸ਼ਟੀਕਰਨ ਮੰਗਿਆ ਜਾਣਾ ਚਾਹੀਦਾ ਹੈ। ਦੋ ਦਸੰਬਰ 2024 ਨੂੰ ਪੰਜ ਸਿੰਘ ਸਾਹਿਬਾਨ ਅੱਗੇ, ਸੰਗਤਾਂ ਦੀ ਹਾਜਰੀ ਵਿੱਚ ਸਭ ਕੁੱਝ ਮੰਨ ਕੇ ਮੁਕਰ ਜਾਣ ਵਾਲਿਆਂ ਦੇ ਮੁਕੰਮਲ ਬਾਈਕਾਟ ਦਾ ਐਲਾਨ ਵੀ ਫਸੀਲ ਤੋਂ ਕੀਤੇ ਜਾਣ ਦੀ ਅਸੀਂ ਮੰਗ ਕਰਦੇ ਹਾਂ। ਸ ਵਡਾਲਾ ਨੇ ਕਿਹਾ ਕਿ ਕੋਰ ਕਮੇਟੀ ਨੇ ਸਾਂਝੇ ਤੌਰ 'ਤੇ ਜਥੇਦਾਰ ਸਾਹਿਬ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਿਸ ਤਰਾਂ ਉਹਨਾਂ ਨੇ ਮੌਕੇ ਦੀਆਂ ਸਰਕਾਰਾਂ ਦੀ ਪਰਵਾਹ ਨਾ ਕਰਦਿਆਂ ਸਭ ਦੀ ਜਵਾਬ ਤਲਬੀ ਕੀਤੀ ਹੈ। ਉਸੇ ਤਰਾਂ ਉਹਨਾਂ ਨੂੰ ਸ ਧਾਮੀ, ਬਡੂੰਗਰ ਅਤੇ ਸੁਖਬੀਰ ਸਿੰਘ ਬਾਦਲ ਖਿਲਾਫ ਵੀ ਦਲੇਰੀ ਨਾਲ ਫੈਸਲਾ ਲੈਣਾ ਚਾਹੀਦਾ ਹੈ। ਕਿਉਂਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਕਰਾਉਣ ਦੀ ਜਿੰਮੇਵਾਰੀ ਹੁਣ ਉਹਨਾਂ ਦੇ ਸਿਰ ਹੈ। ਅੱਜ ਦੀ ਇਸ ਮੀਟਿੰਗ ਵਿੱਚ ਸ ਗੁਰਪ੍ਰਤਾਪ ਸਿੰਘ ਵਡਾਲਾ ਤੋਂ ਇਲਾਵਾ ਬੀਬੀ ਜਗੀਰ ਕੌਰ, ਪ੍ਰੋ ਪ੍ਰੇਮ ਸਿੰਘ ਸਿੰਘ ਚੰਦੂਮਾਜਰਾ, ਸ ਗੋਬਿੰਦ ਸਿੰਘ ਲੌਂਗੋਵਾਲ, ਸ ਸੁੱਚਾ ਸਿੰਘ ਛੋਟੇਪੁਰ, ਸ ਸਰਵਣ ਸਿੰਘ ਫਿਲੌਰ, ਬੀਬੀ ਪਰਮਜੀਤ ਕੌਰ ਗੁਲਸ਼ਨ, ਸ ਇਕਬਾਲ ਸਿੰਘ ਝੂੰਦਾਂ, ਸ੍ਰੀ ਪ੍ਰਕਾਸ਼ ਚੰਦ ਗਰਗ, ਸ ਸੰਤਾ ਸਿੰਘ ਉਮੈਦਪੁਰੀ, ਸ ਗਗਨਜੀਤ ਸਿੰਘ ਬਰਨਾਲਾ, ਸ ਰਣਜੀਤ ਸਿੰਘ ਛੱਜਲਵੱਡੀ, ਭਾਈ ਮਨਜੀਤ ਸਿੰਘ, ਜਸਬੀਰ ਸਿੰਘ ਘੁੰਮਣ, ਸ ਰਘਬੀਰ ਸਿੰਘ ਰਾਜਾਸਾਂਸੀ, ਅਜੈਪਾਲ ਸਿੰਘ ਮੀਰਾਂਕੋਟ, ਸ ਕਰਨ ਸਿੰਘ 4“®, ਸ ਕਰਨੈਲ ਸਿੰਘ ਪੀਰਮੁਹੰਮਦ, ਸ , ਸ ਗੁਰਜੀਤ ਸਿੰਘ ਤਲਵੰਡੀ, ਸ ਮਨਿੰਦਰ ਸਿੰਘ ਧੁੰਨਾ, ਗਿਆਨੀ ਹਰਦੀਪ ਸਿੰਘ, ਸ ਜਗਜੀਤ ਸਿੰਘ ਕੋਹਲੀ ਦਫ਼ਤਰ ਸਕੱਤਰ ਤੇ ਸ ਤਜਿੰਦਰ ਸਿੰਘ ਪੰਨੂੰ ਮੀਡੀਆ ਇੰਚਾਰਜ ਸ਼ਾਮਲ ਸਨ। ਮੀਡੀਆ ਨੂੰ ਇਹ ਜਾਣਕਾਰੀ ਪ੍ਰੈੱਸ ਬਿਆਨ ਰਾਹੀਂ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤੀ ਗਈ।

### ਅਮਨਦੀਪ ਹਸਪਤਾਲ ਤੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ

# ਫਿਰੋਜ਼ਪੁਰ ਵਿੱਚ 24 ਜੂਨ ਨੂੰ ਲੱਗੇਗਾ ਮੁਫ਼ਤ ਫਾਈਬਰਸਕੈਨ ਜਾਂਚ ਕੈਂਪ



ਫ਼ਿਰੋਜ਼ਪੁਰ, 22 ਜੂਨ (ਮਨੋਹਰ ਲਾਲ) :— ਜਿਗਰ ਅਤੇ ਪੇਟ ਨਾਲ ਸੰਬੰਧਿਤ ਬਿਮਾਰੀਆਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਅਤੇ ਸਮੇਂ ਸਿਰ ਬਿਮਾਰੀਆਂ ਦੀ ਪਛਾਣ ਯਕੀਨੀ ਬਣਾਉਣ ਦੇ ਮਕਸਦ ਨਾਲ ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਅਤੇ ਸ਼ਿਵ ਸ਼ੰਕਰ ਰਾਮਲੀਲਾ ਕਮੇਟੀ—2 ਦੇ ਸਹਿਯੋਗ ਨਾਲ 24 ਜੂਨ 2026, ਬੁੱਧਵਾਰ ਨੂੰ ਮੁਫ਼ਤ ਫਾਈਬਰੋਸਕੈਨ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਰੈਡ ਕਰਾਸ ਕੰਪਲੈਕਸ, ਸਰਕਾਰੀ ਲੜਕਿਆਂ ਦੇ ਸਕੂਲ ਨੇੜੇ ਸ਼ਹੀਦ ਭਗਤ ਸਿੰਘ ਸਟੇਡੀਅਮ ਦੇ ਪਿੱਛੇ ਸਥਿਤ ਫਿਰੋਜ਼ਪੁਰ ਸਿਟੀ ਓਪੀਡੀ ਵਿਖੇ ਸ਼ਾਮ 4 ਵਜੇ ਤੋਂ 6 ਵਜੇ ਤੱਕ ਲੱਗੇਗਾ। ਕੈਂਪ ਦੌਰਾਨ ਗੈਸਟਰੋ ਅਤੇ ਜਿਗਰ ਰੋਗਾਂ ਦੇ ਮਾਹਿਰ ਡਾ: ਨਦੀਮ ਅਹਿਮਦ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੀ ਸਲਾਹ ਦੇਣਗੇ, ਇਸ ਮੌਕੇ ਜਿਗਰ, ਪੇਟ ਅਤੇ ਪਾਚਨ ਤੰਤਰ ਨਾਲ ਜੁੜੀਆਂ ਸਮੱਸਿਆਵਾਂ ਤੋਂ ਪੀੜਤ ਮਰੀਜ਼ਾਂ ਨੂੰ ਮਾਹਿਰ ਡਾਕਟਰੀ ਸਲਾਹ ਦੇ ਨਾਲ—ਨਾਲ ਬਿਮਾਰੀਆਂ ਦੀ ਰੋਕਥਾਮ ਅਤੇ ਇਲਾਜ ਸੰਬੰਧੀ ਮਹੱਤਵਪੂਰਨ ਜਾਣਕਾਰੀ ਵੀ ਦਿੱਤੀ ਜਾਵੇਗੀ। ਹਸਪਤਾਲ ਪ੍ਰਬੰਧਕਾਂ ਅਨੁਸਾਰ ਆਮ ਤੌਰ ਤੇ ਕਰੀਬ 4000 ਰੁਪਏ ਦੀ ਲਾਗਤ ਵਾਲਾ ਫਾਈਬਰੋਸਕੈਨ ਟੈਸਟ ਇਸ ਕੈਂਪ ਵਿੱਚ ਪੂਰੀ ਤਰ੍ਹਾਂ ਮੁਫ਼ਤ ਕੀਤਾ ਜਾਵੇਗਾ। ਆਧੁਨਿਕ ਤਕਨੀਕ ਨਾਲ ਲੈਸ ਈਕੋਸੈਂਸ ਮਿਨੀ ਪਲੱਸ 430 ਮਸ਼ੀਨ ਰਾਹੀਂ ਬਿਨਾਂ ਕਿਸੇ ਚੀਰ ਫਾੜ ਜਾਂ ਦਰਦ ਦੇ ਜਿਗਰ ਵਿੱਚ ਚਰਬੀ ਦੀ ਮਾਤਰਾ ਅਤੇ ਉਸ ਦੀ ਕਠੋਰਤਾ ਦੀ ਸਹੀ ਜਾਂਚ ਕੀਤੀ ਜਾਵੇਗੀ, ਜਿਸ ਨਾਲ ਗੰਭੀਰ ਬਿਮਾਰੀਆਂ ਦਾ ਸ਼ੁਰੂਆਤੀ ਪੜਾਅ ਵਿੱਚ ਹੀ ਪਤਾ ਲਗਾਇਆ ਜਾ ਸਕੇਗਾ। ਕੈਂਪ ਦਾ ਉਦਘਾਟਨ ਅਮਨਦੀਪ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਅਭਿਸ਼ੇਕ ਅਰੋੜਾ ਅਤੇ ਸ਼ਿਵ ਸ਼ੰਕਰ ਰਾਮਲੀਲਾ ਕਮੇਟੀ—2 ਦੇ ਪ੍ਰਧਾਨ ਰਿੰਕੂ ਸ਼ਰਮਾ ਵੱਲੋਂ ਸਾਂਝੇ ਤੌਰ ਤੇ ਕੀਤਾ ਜਾਵੇਗਾ। ਅਮਨਦੀਪ ਹਸਪਤਾਲ ਦੇ ਡਾਇਰੈਕਟਰ ਡਾ: ਅਮਨਦੀਪ ਨੇ ਕਿਹਾ ਕਿ ਬਦਲ ਰਹੀ ਜੀਵਨ ਸ਼ੈਲੀ, ਗਲਤ ਖਾਣ ਪੀਣ ਦੀਆਂ ਆਦਤਾਂ ਅਤੇ ਸਿਹਤ ਪ੍ਰਤੀ ਲਾਪਰਵਾਹੀ ਕਾਰਨ ਜਿਗਰ ਨਾਲ ਸੰਬੰਧਿਤ ਬਿਮਾਰੀਆਂ ਵਿੱਚ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ। ਅਜਿਹੇ ਹਾਲਾਤਾਂ ਵਿੱਚ ਸਮੇਂ ਸਿਰ ਜਾਂਚ ਅਤੇ ਮਾਹਿਰ ਡਾਕਟਰੀ ਸਲਾਹ ਬਹੁਤ ਜ਼ਰੂਰੀ ਹੈ ਤਾਂ ਜੋ ਗੰਭੀਰ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕੇ। ਉਨ੍ਹਾਂ ਇਲਾਕੇ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਫ਼ਤ ਜਾਂਚ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੀ ਸਿਹਤ ਦੀ ਨਿਯਮਿਤ ਜਾਂਚ ਕਰਵਾ ਕੇ ਤੰਦਰੁਸਤ ਜੀਵਨ ਵੱਲ ਕਦਮ ਵਧਾਉਣ।

# ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਿੰਡ ਚੋਗਾਵਾ ਵਿਖੇ 33ਵਾਂ ਮਹਾਨ ਕੀਰਤਨ ਦਰਬਾਰ ਸ਼ੁਰੂ—ਵੱਡੀ ਤਦਾਦ ਸੰਗਤਾਂ ਨੇ ਭਰੀ ਹਾਜ਼ਰੀ







ਫ਼ਿਰੋਜ਼ਪੁਰ, 21 ਜੂਨ (ਮਨੋਹਰ ਲਾਲ) :— ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਚੋਗਾਵਾ ਵਿਖੇ ਬੀਤੀ ਰਾਤ ਧਾਰਮਿਕ ਸਮਾਗਮਾਂ ਕਰਵਾਏ ਗਏ, ਜਿਨ੍ਹਾਂ ਵਿਚ ਵੱਡੀ ਤਦਾਦ ਸੰਗਤਾਂ ਨੇ ਸ਼ਿਰਕਤ ਕਰਕੇ ਗੁਰਬਾਣੀ ਸਰਵਣ ਕੀਤੀ। ਦਸਣਯੋਗ ਹੈ ਕਿ ਪਿੰਡ ਚੋਗਾਵਾ ਵਿਖੇ ਸਮੂਹ ਸਾਧ ਸੰਗਤ ਅਤੇ ਸ੍ਰੀ ਗੁਰੂ ਅਰਜਨ ਦੇਵ ਚੈਰੀਟੇਬਲ ਟਰਸਟ ਚੋਗਾਵਾ ਦੇ ਸਹਿਯੋਗ ਨਾਲ ਹਰ ਸਾਲ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ ਅਤੇ ਇਨ੍ਹਾਂ ਸਮਾਗਮਾਂ ਵਿਚ ਉੱਚ ਕੋਟੀ ਦੀਆਂ ਸਖਸ਼ੀਅਤਾਂ ਪੁੱਜ ਕੇ ਸੰਗਤਾਂ ਨੂੰ ਮੰਤਰਮੁਗਧ ਕਰਦੀਆਂ ਹਨ। ਉਨ੍ਹਾਂ ਦੱਸਿਆ ਕਿ ਅੱਜ ਦੂਸਰੇ ਦਿਨ ਦੇ ਧਾਰਮਿਕ ਸਮਾਗਮਾਂ ਦੌਰਾਨ ਜਿਥੇ ਮਹਾਨ ਸਖਸ਼ੀਅਤਾਂ ਜੁੜੀ ਸੰਗਤ ਨੂੰ ਗੁਰਬਾਣੀ ਨਾਲ ਜੋੜਣਗੀਆਂ, ਉਥੇ ਪੰਜ ਪਿਆਰਿਆਂ ਵੱਲੋਂ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਅੱਜ ਸ਼ਾਮ 6 ਵਜੇ ਅੰਮ੍ਰਿਤ ਸੰਚਾਰ ਹੋਵੇਗਾ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਕਰਨਜੀਤ ਸਿੰਘ ਨੇ ਦੱਸਿਆ ਕਿ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਸ਼ਹੀਦਾਂ ਦੇ ਸਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 33ਵਾਂ ਮਹਾਨ ਕੀਰਤਨ ਦਰਬਾਰ ਬੀਤੀ ਰਾਤ ਬੜੀ ਹੀ ਸ਼ਰਧਾ ਭਾਵਨਾ ਨਾਲ ਸ਼ੁਰੂ ਹੋਇਆ, ਜਿਸ ਦੌਰਾਨ ਰਾਤ 12 ਵਜੇ ਤੱਕ ਸੰਗਤਾਂ ਪੰਡਾਲ ਵਿਚ ਜੁੜੀਆਂ ਰਹੀਆਂ। ਉਨ੍ਹਾਂ ਦੱਸਿਆ ਕਿ ਦੋ ਰੋਜਾ ਰਾਤ ਦੇ ਦੀਵਾਨਾਂ ਵਿਚ ਆਸ—ਪਾਸ ਦੇ ਪਿੰਡਾਂ ਸਮੇਤ ਦੂਰ—ਦੁਰਾਡੇ ਇਲਾਕਿਆਂ ਤੋਂ ਸੰਗਤਾਂ ਸ਼ਿਰਕਤ ਕਰਦੀਆਂ ਆ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਅੱਜ ਦੂਸਰੇ ਦਿਨ ਦੇ ਸਮਾਗਮਾਂ ਵਿਚ ਪੰਥ ਪ੍ਰਸਿੱਧ ਸਖਸ਼ੀਅਤਾਂ ਪਹੁੰਚ ਕੇ ਕਥਾ, ਕੀਰਤਨ ਨਾਲ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਣਗੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਗੁਰਬਾਣੀ ਨਾਲ ਜੁੜਣ ਦਾ ਹੋਕਾ ਦੇਣਗੀਆਂ। ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਭਾਈ ਸਤਪਾਲ ਸਿੰਘ ਐਮ.ਏ ਪ੍ਰਸਿੱਧ ਢਾਡੀ ਜਥਾ ਜੋ ਗੁਰੂ ਜੀ ਦੇ ਜੀਵਨ ਅਤੇ ਸ਼ਹੀਦੀ ਇਤਿਹਾਸ ਨੂੰ ਢਾਡੀ ਵਾਰਾਂ ਰਾਹੀਂ ਸੰਗਤਾਂ ਦੇ ਸਨਮੁੱਖ ਪੇਸ਼ ਕਰਨਗੇ। ਇਨ੍ਹਾਂ ਧਾਰਮਿਕ ਸਮਾਗਮਾਂ ਵਿਚ ਗਿਆਨੀ ਸੁਖਜੀਤ ਸਿੰਘ ਖਾਲਸਾ ਫਰੀਦਕੋਟ ਵਾਲਿਆਂ ਨੇ ਕਥਾ ਕੀਰਤਨ ਕੀਤਾ। ਉਨ੍ਹਾਂ ਦੱਸਿਆ ਕਿ ਅੱਜ ਦੇ ਸਮਾਗਮਾਂ ਵਿਚ ਭਾਈ ਤ੍ਰਿਪਤਦੀਪ ਸਿੰਘ ਅੰਮ੍ਰਿਤਸਰ ਵਾਲੇ, ਭਾਈ ਯਾਦਰਾਜ ਸਿੰਘ ਧਰਮ ਪ੍ਰਚਾਰ ਕਮੇਟੀ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜਣਗੇ ਅਤੇ ਗੁਰਬਾਣੀ ਦੇ ਧਾਰਨੀ ਬਨਣ ਦਾ ਹੋਕਾ ਦੇਣਗੇ ਤਾਂ ਜੋ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ ਤੇ ਸੰਗਤ ਚਲ ਕੇ ਆਪਣਾ ਜੀਵਨ ਸਫਲਾ ਕਰ ਸਕੇ। ਉਨ੍ਹਾਂ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਹਜ਼ੂਰੀ ਕਥਾਵਾਚਕ ਜਥਾ ਦਲ ਬਾਬਾ ਬਿਧੀ ਚੰਦ ਜੀ ਵੱਲੋਂ ਗੁਰਬਾਣੀ ਦੀ ਮਨੋਹਰ ਕਥਾ ਦੁਆਰਾ ਗੁਰੂ ਸਾਹਿਬ ਦੇ ਦਰਸਾਏ ਮਾਰਗ ਤੇ ਚੱਲਣ ਦੀ ਪ੍ਰੇਰਣਾ ਦਿੱਤੀ ਜਾਵੇਗੀ। ਉਪਰੰਤ ਭਾਈ ਸੰਤੋਖ ਸਿੰਘ ਹਾਜ਼ਰੀ ਭਰਨਗੇ। ਉਨ੍ਹਾਂ ਦੱਸਿਆ ਕਿ ਸਮਾਗਮਾਂ ਵਿਚ ਪੁੱਜੀਆਂ ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

# ਟੀ.ਬੀ.ਐਸ ਸਕੂਲ ਵਿਚ ਮਨਾਇਆ ਅੰਤਰਰਾਸ਼ਟਰੀ ਯੋਗ ਦਿਵਸ

ਫ਼ਿਰੋਜ਼ਪੁਰ, 22 ਜੂਨ (ਮਨੋਹਰ ਲਾਲ) :— ਫਿਰੋਜ਼ਪੁਰ ਮੋਗਾ ਰੋਡ ਤੇ ਸਥਿਤ ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਅਗਵਾਈ ਹੇਠ ਇੱਕ ਔਨਲਾਈਨ ਗਤੀਵਿਧੀ ਰਾਹੀਂ ਵਿਸ਼ਵ ਪਿਤਾ ਦਿਵਸ ਅਤੇ ਅੰਤਰਰਾਸ਼ਟਰੀ ਯੋਗ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਇਸ ਗਤੀਵਿਧੀ ਨੇ ਬੱਚੇ—ਪਿਤਾ ਦੇ ਸਬੰਧ ਅਤੇ ਤੰਦਰੁਸਤੀ ਦਾ ਇੱਕ ਸੰਪੂਰਨ ਮਿਸ਼ਰਣ ਬਣਾਇਆ।



ਵਿਦਿਆਰਥੀਆਂ ਨੇ ਆਪਣੇ ਪਿਤਾ ਨਾਲ ਯੋਗਾ ਅਭਿਆਸਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ, ਇਕੱਠੇ ਉਨ੍ਹਾਂ ਨੇ ਸਰੀਰਕ ਤੰਦਰੁਸਤੀ ਅਤੇ ਮਾਨਸਿਕ ਆਰਾਮ ਨੂੰ ਉਤਸ਼ਾਹਿਤ ਕਰਨ ਲਈ ਵੱਖ—ਵੱਖ ਖਿੱਚਣ ਵਾਲੀਆਂ ਕਸਰਤਾਂ, ਸਾਹ ਲੈਣ ਦੀਆਂ ਤਕਨੀਕਾਂ ਅਤੇ ਹੋਰ ਯੋਗਾ ਆਸਣ ਕੀਤੇ। ਇਨ੍ਹਾਂ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਿਤਾਵਾਂ ਦੀ ਭਾਗੀਦਾਰੀ ਨੇ ਇੱਕ ਸਿਹਤਮੰਦ ਜੀਵਨ ਸ਼ੈਲੀ ਦੀ ਮਹੱਤਤਾ ਨੂੰ ਸੁੰਦਰਤਾ ਨਾਲ ਉਜਾਗਰ ਕੀਤਾ, ਪਿਤਾ ਅਤੇ ਬੱਚਿਆਂ ਵਿਚਕਾਰ ਭਾਵਨਾਤਮਕ ਬੰਧਨ ਨੂੰ ਮਜ਼ਬੂਤ ਕੀਤਾ। ਪਿਤਾ ਅਤੇ ਉਨ੍ਹਾਂ ਦੇ ਬੱਚਿਆਂ ਵਿਚਕਾਰ ਖੁਸ਼ੀ ਭਰੀ ਭਾਗੀਦਾਰੀ ਅਤੇ ਪਿਆਰ ਭਰੇ ਪਲਾਂ ਨੇ ਸਮਾਗਮ ਨੂੰ ਜੀਵੰਤ ਅਤੇ ਅਰਥਪੂਰਨ ਬਣਾਇਆ, ਸਾਰਿਆਂ ਨੂੰ ਤਾਜ਼ਗੀ ਅਤੇ ਪ੍ਰੇਰਿਤ ਕੀਤਾ। ਇਹ ਸੱਚਮੁੱਚ ਇੱਕ ਯਾਦਗਾਰੀ ਸਵੇਰ ਸੀ ਜਿਸਨੇ ਪਿਤਾ ਹੋਣ ਦਾ ਸਨਮਾਨ ਕੀਤਾ ਅਤੇ ਸਾਰਿਆਂ ਨੂੰ ਇੱਕ ਸਿਹਤਮੰਦ ਜੀਵਨ ਲਈ ਰੋਜ਼ਾਨਾ ਯੋਗਾ ਅਭਿਆਸਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ।

ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਜੰਡਿਆਲਾ ਗੁਰੂ ਦੇ ਵਾਰਡਾਂ ਵਿੱਚ ਲੋਕ ਮਿਲਣੀਆਂ ਦਾ ਸਿਲਸਲਾ ਜਾਰੀ

# ਪੰਜਾਬ ਸਰਕਾਰ ਸਾਰੇ ਵਰਗਾਂ ਦੇ ਵਿਕਾਸ ਲਈ ਵਚਨਬੱਧ - ਹਰਭਜਨ ਸਿੰਘ ਈ.ਟੀ.ਓ.



**ਜੰਡਿਆਲਾ ਗੁਰੂ 22 ਜੂਨ:( ਕੁਲਵੰਤ ਸਿੰਘ ਵਿਰਦੀ )**-ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ.ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਜੰਡਿਆਲਾ ਗੁਰੂ ਦੇ ਵਾਰਡ ਨੰਬਰ 3, 9 ਅਤੇ 10 ਵਿੱਚ ਲੋਕ ਮਿਲਣੀਆਂ ਕਰਕੇ ਇਲਾਕਾ ਵਾਸੀਆਂ ਨਾਲ ਸਿੱਧਾ ਸੰਵਾਦ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਰਾਜ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਲਈ ਵਿਸ਼ੇਸ਼ ਯਤਨ ਕੀਤੇ ਗਏ ਹਨ ਉਹਨਾਂ ਕਿਹਾ ਕਿ ਮਾਨ ਸਰਕਾਰ ਆਪਣੀ ਅਖੀਰਲੀ ਗਰੰਟੀ ਨੂੰ ਵੀ ਪੂਰਾ ਕਰਨ ਜਾ ਰਹੀ ਹੈ ਅਤੇ ਜੁਲਾਈ ਮਹੀਨੇ ਤੋਂ ਜਨਰਲ ਵਰਗ ਦੀਆਂ ਯੋਗ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਐਸ.ਸੀ. ਵਰਗ ਨਾਲ ਸਬੰਧਤ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਨਮਾਨ ਰਾਸ਼ੀ ਦਿੱਤੀ ਜਾਵੇਗੀ ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ, ਜਿੱਥੇ ਹਰ ਨਾਗਰਿਕ ਨੂੰ 10 ਲੱਖ ਰੁਪਏ ਤੱਕ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸਿਹਤ ਯੋਜਨਾ ਪੰਜਾਬ ਦੇ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਵੀ ਲੋੜ ਪੈਣ 'ਤੇ ਉੱਚ ਪੱਧਰੀ ਸਿਹਤ ਸੇਵਾਵਾਂ ਦਾ ਲਾਭ ਲੈ ਰਹੇ ਹਨ।ਸ. ਈ.ਟੀ.ਓ. ਨੇ ਅੱਗੇ ਕਿਹਾ ਕਿ ਮੁਫ਼ਤ ਬਿਜਲੀ ਦੀ ਸਹੂਲਤ ਨਾਲ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਦੇ ਲੋਕਾਂ ਦੇ ਹਜ਼ਾਰਾਂ ਕਰੋੜ ਰੁਪਏ ਦੀ ਬੱਚਤ ਹੋਈ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ 90 ਫ਼ੀਸਦੀ ਤੋਂ ਵੱਧ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਦੀਆਂ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਸਮਰਪਿਤ ਹੈ ਅਤੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ।

ਗੁਰਦੁਆਰਾ ਜੋਤੀਸਰ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਨਾਲ

# ਵੱਖ-ਵੱਖ ਰਾਜਨੀਤਿਕ ਧਾਰਮਿਕ ਸਖਸ਼ੀਅਤਾਂ ਨੇ ਕੀਤਾ ਦੁੱਖ ਸਾਂਝਾ



**ਜੰਡਿਆਲਾ ਗੁਰੂ 22 ਜੂਨ ( ਕੁਲਵੰਤ ਸਿੰਘ ਵਿਰਦੀ )**- ਬੀਤੇ ਦਿਨ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਦੇ ਛੋਟੇ ਭਰਾਤਾ ਰਾਜਵਿੰਦਰ ਸਿੰਘ ਰਾਜੂ ਉਮਰ ਕਰੀਬ 35 ਸਾਲ ਇਕ ਸੜਕ ਹਾਦਸੇ ਦਾ ਸਿਕਾਰ ਹੋਣ ਤੋਂ ਬਾਅਦ ਮੌਕੇ ਤੇ ਹੀ ਮੌਤ ਹੋ ਗਈ । ਇਸ ਦੁੱਖ ਦੀ ਘੜੀ ਵਿੱਚ ਵੱਖ-ਵੱਖ ਰਾਜਨੀਤਿਕ ਧਾਰਮਿਕ ਸਖਸ਼ੀਅਤਾਂ ਵੱਲੋਂ ਬਾਬਾ ਸੁੱਖਾ ਸਿੰਘ ਜੀ ਨਾਲ ਦੁੱਖ ਸਾਂਝਾ ਕੀਤਾ ਗਿਆ ਅਤੇ ਬੀਤੇ ਦਿਨ ਗੁਰਦੁਆਰਾ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ,ਗੜਵੀ ਬਾਬਾ ਦੀਪ ਸਿੰਘ, ਦਿਲਬਾਗ ਸਿੰਘ ਤਲਵੰਡੀ, ਤੇਜਿੰਦਰ ਸਿੰਘ ਮੁਕੰਦਪੁਰ, ਮਾਸਟਰ ਜੱਸਾ ਸਿੰਘ ਖੁਜਾਲਾ, ਜਸਕਰਨ ਸਿੰਘ ਚਾਟੀਵਿੰਡ,ਦਸਮੇਸ ਤਰਨਾਦਲ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ,ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ,ਗੁਰਪ੍ਰੀਤ ਸਿੰਘ,ਭਾਈ ਭੁਪਿੰਦਰ ਸਿੰਘ ਕਥਾ ਵਾਚਕ ਗਦਲੀ, ਬਾਬਾ ਮਨਮੋਹਨ ਸਿੰਘ ਭੰਗਾਣੀ ਵਾਲੇ , ਬਾਬਾ ਸੁਖਵੰਤ ਸਿੰਘ ਚੰਨਣਕੇ ਵਾਲਿਆਂ ਵੱਲੋਂ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਦੁੱਖ ਸਾਂਝਾ ਕੀਤਾ ਗਿਆ ! ਰਾਜਵਿੰਦਰ ਸਿੰਘ ਰਾਜੂ ਦੀ ਵਿਛੜੀ ਰੂਹ ਦੇ ਪ੍ਰਥਾਏ 22 ਜੂਨ ਸੋਮਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਹੋਣਗੇ ਅਤੇ 24 ਜੂਨ ਦਿਨ ਬੁੱਧਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਉਪਰੰਤ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਕੀਰਤਨ 12 ਵਜੇ ਤੋਂ 1 ਵਜੇ ਤੱਕ ਕੀਤੇ ਜਾਣਗੇ ! ਸਮੂਹ ਸਾਕ ਸੰਬੰਧੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸੰਗਤੀ ਰੂਪ ਵਿੱਚ ਰੂਹ ਦੇ ਪ੍ਰਥਾਏ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅੰਤਿਮ ਅਰਦਾਸ ਕੀਤੀ ਜਾਵੇਗੀ !

**ਵਿਛੜੀ ਰੂਹ ਦੇ ਪ੍ਰਥਾਏ ਅੱਜ 22 ਨੂੰ ਸ੍ਰੀ ਆਖੰਡ ਪਾਠ ਸਾਹਿਬ ਹੋਏ ਆਰੰਭ 24 ਜੂਨ ਦਿਨ ਬੁੱਧਵਾਰ ਨੂੰ ਅੰਤਿਮ ਅਰਦਾਸ-ਬਾਬਾ ਸੁੱਖਾ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਉਤਰਾਖੰਡ ਸਰਕਾਰ ਵੱਲੋਂ ਕੀਤੇ ਨਿਹੰਗ ਸਿੰਘਾਂ ਤੇ ਮੁਕੱਦਮੇ ਤੁਰੰਤ ਕੈਂਸਲ ਕੀਤੇ ਜਾਣ:ਅਮਰੀਕ ਸਿੰਘ ਕਾਤਰੋਂ




**ਧੂਰੀ ( ਰਣਜੀਤ ਸਿੰਘ ਪੇਧਨੀ )**-ਉਤਰਾਖੰਡ ਪੁਲੀਸ ਵਲੋਂ ਨਿਹੰਗ ਸਿੰਘਾਂ ਖਿਲਾਫ਼ ਇਕ ਤਰਫਾ ਕਾਰਵਾਈ ਕਰਨ ਦੀ ਸਖਤ ਸਬਦਾਂ ਵਿਚ ਨਿੰਦਾ ਕਰਦਿਆਂ ਉੱਘੇ ਸਮਾਜ ਸੇਵੀ ਨਿਹੰਗ ਸਿੰਘਾਂ ਦੀ ਜਥੇਬੰਦੀ ਅਰਬਾਂ ਖਰਬਾਂ ਦੇ ਸੀਨੀਅਰ ਆਗੂ ਜਥੇਦਾਰ ਅਮਰੀਕ ਸਿੰਘ ਕਾਤਰੋਂ ਨੇ ਕਿਹਾ ਕਿ ਸਰਾਰਤੀ ਅਨਸਰਾਂ ਵਲੋਂ ਪਹਿਲਾਂ ਨਿਹੰਗ ਸਿੰਘਾਂ ਉਪਰ ਵਗੈਰ ਕਿਸੇ ਕਾਰਣ ਹਮਲਾ ਬੋਲਿਆ ਗਿਆ ਅਤੇ ਉਨਾਂ ਵਲੋਂ ਆਪਣੇ ਬਚਾਅ ਲਈ ਹੀ ਮੁਕਾਬਲਾ ਕੀਤਾ ਗਿਆ ਪ੍ਰੰਤੂ ਦੁੱਖ ਦੀ ਗੱਲ ਹੈ ਕਿ ਪੁਲਿਸ ਨੇ ਮਜਲੂਮਾਂ ਖਿਲਾਫ਼ ਇਕਤਰਫਾ ਕਾਰਵਾਈ ਕਰਦੇ ਹੋਏ ਮੁਕੱਦਮਾ ਦਰਜ ਕਰ ਦਿਤਾ। ਉਨ੍ਹਾਂ ਕਿਹਾ ਕਿ ਮੁਕੱਦਮੇ ਨੂੰ ਤੁਰੰਤ ਕੈਂਸਲ ਕੀਤਾ ਜਾਵੇ ਅਤੇ ਉੱਚ ਪੱਧਰੀ ਜਾਂਚ ਕਰਵਾ ਕੇ ਸਰਾਰਤੀ ਅਨਸਰਾਂ ਨੂੰ ਅਰੇਸਟ ਕਰਕੇ ਉਨ੍ਹਾਂ ਤੇ ਬਣਦੀ ਕਾਰਵਾਈ ਕੀਤੀ ਜਾਵੇ ਤਾਂ ਕਿ ਭਵਿੱਖ ਵਿੱਚ ਇਹੋ ਜਿਹੀ ਅਣ-ਸੁਖਾਵੀਂ ਘਟਨਾ ਨਾ ਵਰਤੇ ਅਤੇ ਆਮ ਲੋਕਾਂ ਦਾ ਪੁਲਿਸ ਅਤੇ ਪ੍ਰਸ਼ਾਸਨ ਤੇ ਭਰੋਸਾ ਬਣਿਆ ਰਹੇ।

# NSQF ਵੋਕੇਸ਼ਨਲ ਅਧਿਆਪਕਾਂ ਵੱਲੋਂ ਆਪ ਪ੍ਰਧਾਨ ਅਮਨ ਅਰੋੜਾ ਦੇ ਘਰ ਦਾ ਕੀਤਾ ਘੇਰਾਓ

## NSQF ਵੋਕੇਸ਼ਨਲ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਕੀਤਾ ਜਾਵੇ






**ਸਰਾਏ ਅਮਾਨਤ ਖਾਂ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ 22 ਜੂਨ ਨੂੰ NSQF ਵੋਕੇਸ਼ਨਲ ਟੀਚਰਜ਼ ਫਰੰਟ, ਪੰਜਾਬ ਵੱਲੋਂ ਆਪ ਪ੍ਰਧਾਨ ਅਮਨ ਅਰੋੜਾ ਦੀ ਕੋਠੀ ਅੱਗੇ ਰੋਸ਼ ਪ੍ਰਦਰਸ਼ਨ ਕੀਤਾ ਗਿਆ ।ਵੱਡੀ ਗਿਣਤੀ ਵਿੱਚ ਪੂਰੇ ਪੰਜਾਬ ਤੋਂ ਪੁੱਜੇ ਅਧਿਆਪਕਾਂ ਵੱਲੋਂ ਸੁਨਾਮ ਪੁਲ ਨੀਚੇ ਤੋ ਸ਼ਹਿਰ ਵਿੱਚ ਲੰਘਦੇ ਹੋਏ ਅਮਨ ਅਰੋੜਾ ਦੀ ਕੋਠੀ ਤੱਕ ਸਰਕਾਰ ਦਾ ਜੰਮ ਕੇ ਪਿੱਟ ਸਿਆਪਾ ਕੀਤਾ ਗਿਆ। ਵਿਭਾਗ ਅਤੇ ਸਰਕਾਰ ਨਾਲ ਅਣਗਿਣਤ ਮੀਟਿੰਗਾਂ ਕਰਨ ਉਪਰੰਤ ਵੀ ਉਹਨਾਂ ਦੀਆਂ ਮੰਗਾਂ ਦਾ ਕੋਈ ਹੱਲ ਨਾ ਕੱਢਣ ਅਤੇ ਲਾਰੇ ਲਾਉਣ ਦੀ ਨੀਤੀ ਦਾ ਵਿਰੋਧ ਕੀਤਾ ਗਿਆ। ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਇਹ ਵਾਅਦੇ ਕੀਤੇ ਸੀ ਕਿ ਕੋਈ ਵੀ ਮੁਲਾਜ਼ਮ ਕੱਚਾ ਨਹੀਂ ਰਹੇਗਾ। ਸਿੱਖਿਆ ਵਿਭਾਗ ਅੱਗੇ ਲੱਗੇ ਧਰਨਿਆਂ ਵਿੱਚ ਅਰਵਿੰਦ ਕੇਜਰੀਵਾਲ ਨੇ ਖੁਦ ਇਹ ਗੱਲ ਕਹੀ ਸੀ ਕਿ ਸਰਕਾਰ ਬਣਦੇ ਹੀ ਸਾਰੇ ਅਧਿਆਪਕਾਂ ਨੂੰ ਪੱਕਾ ਕੀਤਾ ਜਾਵੇਗਾ।

ਅਧਿਆਪਕਾਂ ਵੱਲੋਂ ਦੱਸਿਆ ਗਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ 3670 NSQF ਵੋਕੇਸ਼ਨਲ ਅਧਿਆਪਕ ਕੰਮ ਕਰ ਰਹੇ ਹਨ। ਜਿਨਾਂ ਨੂੰ ਪੰਜਾਬ ਸਰਕਾਰ ਨੇ ਆਊਟਸੋਰਸ/ਕੰਪਨੀਆਂ ਅਧੀਨ ਭਰਤੀ ਕੀਤਾ ਹੋਇਆ ਹੈ। ਪਿਛਲੇ 12 ਸਾਲਾਂ ਤੋਂ ਇਹ ਕੰਪਨੀਆਂ ਅਧਿਆਪਕਾਂ ਦਾ ਸ਼ੋਸ਼ਣ ਕਰ ਰਹੀਆਂ ਹਨ। ਲੇਕਿਨ ਇਹਨਾਂ ਕੰਪਨੀਆਂ ਤੋਂ ਮਿਲਣ ਵਾਲੇ ਕਮਿਸ਼ਨ ਕਾਰਨ ਸਰਕਾਰ ਇਹਨਾਂ ਉੱਤੇ ਕੋਈ ਕਾਰਵਾਈ ਨਹੀਂ ਕਰਦੀ।ਅਣਗਿਣਤ ਮੀਟਿੰਗਾਂ ਕਰਨ ਉਪਰੰਤ ਵੀ ਸਰਕਾਰ ਅਤੇ ਵਿਭਾਗ ਵੱਲੋਂ ਹਜੇ ਤੱਕ ਇਹਨਾਂ ਅਧਿਆਪਕਾਂ ਦੇ ਹੱਕ ਵਿੱਚ ਕੋਈ ਪੋਲਿਸੀ ਨਹੀਂ ਬਣਾਈ ਗਈ। ਦੂਜੇ ਪਾਸੇ ਨਾਲ ਦੇ ਸੂਬੇ ਹਰਿਆਣੇ ਅਤੇ ਦਿੱਲੀ ਵਿੱਚ ਵੋਕੇਸ਼ਨਲ ਅਧਿਆਪਕ ਕਿਤੇ ਵੱਧ ਤਨਖਾਹਾਂ ਅਤੇ ਜੋ ਸੁਰੱਖਿਆ ਦੀ ਨੀਤੀ ਪਿਛਲੇ 5 ਸਾਲਾਂ ਤੋਂ ਚੱਲ ਰਹੀ ਹੈ।

ਫ਼ਰੰਟ ਦੇ ਆਗੂਆਂ ਨੇ ਕਿਹਾ ਕਿ ਜੇਕਰ NSQF ਅਧਿਆਪਕਾ ਦੇ ਮਸਲੇ ਦਾ ਹੱਲ ਨਾ ਕੀਤਾ ਤਾਂ ਆਉਣ ਵਾਲੇ ਸਮੇ ਵਿਚ ਹੋਰ ਵੀ ਤਿੱਖੇ ਪ੍ਰਦਰਸ਼ਨ ਕੀਤੇ ਜਾਣਗੇ ਜਿਸਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਤੇ ਸਟੇਟ ਕਮੇਟੀ ਮੈਂਬਰ ਰਣਜੀਤ ਸਿੰਘ ਬਰਨਾਲਾ, ਭੁਪਿੰਦਰ ਸਿੰਘ ਰੋਪੜ੍ਹ, ਰਣਜੀਤ ਸਿੰਘ ਨਵਾਂਸ਼ਹਿਰ ,ਗੁਰਜੀਤ ਸਿੰਘ ਬਠਿੰਡਾ , ਸੁਖਰਾਜਬੀਰ ਸਿੰਘ ਤਰਨਤਾਰਨ, ਮਹਿਤਾਬ ਸਿੰਘ ਫਿਰੋਜ਼ਪੁਰ ਅਤੇ ਮਨਪ੍ਰੀਤ ਸਿੰਘ ਮੁਕਤਸਰ ਸਾਹਿਬ ਮੌਜੂਦ ਸਨ।